ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 2 ਫਰਵਰੀ 2024 (ਨਾਨਕਸ਼ਾਹੀ ਸੰਮਤ : ੫੫੫, ੨੦ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਸਿਮਰਨਜੀਤ ਸਿੰਘ ਮਾਨ ਨੂੰ ਘਰ 'ਚ ਕੀਤਾ ਗਿਆ ਨਜ਼ਰਬੰਦ

**ਫਤਿਹਗੜ੍ਹ ਸਾਹਿਬ, 1 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਅਤੇ ਸੰਸਦ ਮੈਂਬਰ ਸਿਮਰਨਜੀਤ ਸਿੰਘ ਮਾਨ ਨੂੰ ਫਤਿਹਗੜ੍ਹ ਸਾਹਿਬ ਦੀ ਪੁਲਸ ਵਲੋਂ ਹਾਊਸ ਅਰੈਸਟ ਮਤਲਬ ਕਿ ਘਰ 'ਚ ਨਜ਼ਰਬੰਦ ਕੀਤਾ ਗਿਆ ਹੈ। ਫਤਿਹਗੜ੍ਹ ਸਾਹਿਬ ਦੇ ਪਿੰਡ ਕਿਲਾ ਹਰਨਾਮ ਸਿੰਘ ਨਗਰ ਵਿਖੇ ਪੁਲਸ ਫੋਰਸ ਵੱਡੀ ਗਿਣਤੀ 'ਚ ਤਾਇਨਾਤ ਨਜ਼ਰ ਆ ਰਹੀ ਹੈ। ਦੱਸਿਆ ਜਾ ਰਿਹਾ ਹੈ ਕਿ ਸਿਮਰਨਜੀਤ ਸਿੰਘ ਮਾਨ ਅੱਜ ਭਾਨਾ ਸਿੱਧੂ ਦੀ ਗ੍ਰਿਫ਼ਤਾਰੀ ਦੇ ਵਿਰੋਧ 'ਚ ਧੂਰੀ ਵਿਖੇ ਦਿੱਤੇ ਧਰਨੇ 'ਚ ਜਾਣ ਵਾਲੇ ਸਨ। ਇਸ ਮੌਕੇ ਗੱਲਬਾਤ ਕਰਦੇ ਹੋਏ ਪਾਰਟੀ ਦੇ ਜਨਰਲ ਸਕੱਤਰ ਕੁਲਦੀਪ ਸਿੰਘ ਭਾਗੋਵਾਲ, ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਮੁੱਖ ਬੁਲਾਰੇ ਇਕਬਾਲ ਸਿੰਘ ਟਿਵਾਣਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਵੱਲੋਂ ਅੱਜ ਧੂਰੀ ਵਿਖੇ ਭਾਨਾ ਸਿੱਧੂ ਦੇ ਹੱਕ 'ਚ ਇੱਕ ਵੱਡਾ ਇਕੱਠ ਰੱਖਿਆ ਗਿਆ ਸੀ। ਉਸ ਤੋਂ ਪਹਿਲਾਂ ਹੀ ਪੰਜਾਬ ਪੁਲਸ ਦੇ ਵੱਲੋਂ ਸੰਸਦ ਮੈਂਬਰ ਸਿਮਰਨਜੀਤ ਸਿੰਘ ਮਾਨ ਨੂੰ ਉਨ੍ਹਾਂ ਦੇ ਘਰ 'ਚ ਨਜ਼ਰਬੰਦ ਕਰ ਦਿੱਤਾ ਗਿਆ ਹੈ।



# ਮੋਦੀ ਸਰਕਾਰ ਵੱਲੋਂ ਅੰਤਰਿਮ ਬਜਟ ਪੇਸ਼

# ਜੁਲਾਈ 'ਚ ਰਾਹਤਾਂ ਦੇਣ ਦੇ ਵਾਅਦੇ ਨਾਲ ਪੱਲਾ ਝਾੜਿਆ

**ਨਵੀਂ ਦਿੱਲੀ, 1 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ 2024 ਦਾ ਬਜਟ ਪੇਸ਼ ਕੀਤਾ ਹੈ। ਬਜਟ ਪੇਸ਼ ਕਰਨ ਤੋਂ ਪਹਿਲਾਂ ਵਿੱਤ ਮੰਤਰੀ ਨੇ ਆਪਣੀ ਸਰਕਾਰ ਦੀਆਂ ਪ੍ਰਾਪਤੀਆਂ ਗਿਣਾਈਆਂ। ਤੁਹਾਨੂੰ ਦੱਸ ਦੇਈਏ ਕਿ ਕਿਉਂਕਿ ਇਹ ਚੋਣ ਸਾਲ ਹੈ, ਇਸ ਲਈ ਇਹ ਪੂਰੇ ਬਜਟ ਦੀ ਬਜਾਏ ਅੰਤਰਿਮ ਬਜਟ ਹੈ। ਇਹ ਵਿੱਤ ਮੰਤਰੀ ਸੀਤਾਰਮਨ ਦਾ ਪਹਿਲਾ ਅੰਤਰਿਮ ਬਜਟ ਵੀ ਹੈ। ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਕਿਹਾ ਹੈ ਕਿ ਭਾਰਤ ਸਰਕਾਰ ਅਗਲੇ 5 ਸਾਲਾਂ ਵਿੱਚ 2 ਕਰੋੜ ਹੋਰ ਘਰ ਬਣਾਏਗੀ। ਇਸ ਤੋਂ ਇਲਾਵਾ 300 ਯੂਨਿਟ ਮੁਫਤ ਬਿਜਲੀ ਦੇਣ ਦਾ ਟੀਚਾ ਵੀ ਮਿੱਥਿਆ ਗਿਆ ਹੈ। ਸਰਕਾਰ ਨੇ ਦਾਅਵਾ ਕੀਤਾ ਹੈ ਕਿ 3 ਕਰੋੜ ਔਰਤਾਂ ਨੂੰ ਲੱਖਪਤੀ ਦੀਦੀ ਬਣਾਇਆ ਜਾਵੇਗਾ। ਫਿਲਹਾਲ ਸਰਕਾਰ ਨੇ 1 ਕਰੋੜ ਲੱਖਪਤੀ ਦੀਦੀ ਰੱਖਣ ਦੀ ਗੱਲ ਕੀਤੀ ਹੈ। ਮੋਦੀ ਸਰਕਾਰ ਦੇਸ਼ ਦੀਆਂ ਸਾਰੀਆਂ ਆਸ਼ਾ ਵਰਕਰਾਂ ਅਤੇ ਆਂਗਣਵਾੜੀ ਵਰਕਰਾਂ ਨੂੰ ਆਯੂਸ਼ਮਾਨ ਭਾਰਤ ਯੋਜਨਾ ਦੇ ਦਾਇਰੇ ਵਿੱਚ ਲਿਆਵੇਗੀ। ਲਕਸ਼ਦੀਪ ਅਤੇ ਹੋਰ ਟਾਪੂ ਸਮੂਹਾਂ ਨੂੰ ਸੈਰ-ਸਪਾਟੇ ਦੇ ਨਜ਼ਰੀਏ ਤੋਂ ਸੁਧਾਰਿਆ ਜਾਵੇਗਾ। ਸਰਕਾਰ ਇਸ ਲਈ ਬੁਨਿਆਦੀ ਢਾਂਚਾ ਬਣਾਉਣ 'ਤੇ ਜ਼ੋਰ ਦੇਵੇਗੀ। ਯਾਦ ਰਹੇ ਕਿ ਮਾਲਦੀਵ ਦੇ ਨਾਲ ਭਾਰਤ ਦੇ ਅੜਿੱਕੇ ਤੋਂ ਬਾਅਦ ਲਕਸ਼ਦੀਪ ਜਾਣ ਦੀ ਮੁਹਿੰਮ ਸ਼ੁਰੂ ਕੀਤੀ ਗਈ ਸੀ। ਟੈਕਸ ਸਲੈਬ 'ਚ ਕੋਈ ਬਦਲਾਅ ਨਹੀਂ ਕੀਤਾ ਗਿਆ ਹੈ, ਜਿਸ 'ਤੇ ਬਜਟ 'ਚ ਹਰ ਵਾਰ ਫੈਸਲਿਆਂ ਦਾ ਇੰਤਜ਼ਾਰ ਕੀਤਾ ਜਾਂਦਾ ਹੈ। ਮਤਲਬ, ਜਿਸ ਦਰ 'ਤੇ ਤੁਸੀਂ ਹੁਣ ਇਨਕਮ ਟੈਕਸ ਅਦਾ ਕਰ ਰਹੇ ਹੋ, ਤੁਹਾਨੂੰ ਭਵਿੱਖ 'ਚ ਵੀ ਉਸੇ ਦਰ 'ਤੇ ਟੈਕਸ ਦੇਣਾ ਹੋਵੇਗਾ। ਸਰਕਾਰ ਨੇ ਕਿਹਾ ਹੈ ਕਿ 40 ਹਜ਼ਾਰ ਰੇਲਵੇ ਕੋਚਾਂ ਨੂੰ ਵੰਦੇ ਭਾਰਤ ਵਿੱਚ ਬਦਲਿਆ ਜਾਵੇਗਾ। ਭਾਰਤ ਸਰਕਾਰ ਦਾ ਵੰਦੇ ਭਾਰਤ ਟ੍ਰੇਨ 'ਤੇ ਬਹੁਤ ਜ਼ੋਰ ਹੈ। ਅਜਿਹੀਆਂ ਕਈ ਟਰੇਨਾਂ ਦੇ ਉਦਘਾਟਨ ਮੌਕੇ ਪ੍ਰਧਾਨ ਮੰਤਰੀ ਦੀ ਮੌਜੂਦਗੀ ਦੇਖਣ ਨੂੰ ਮਿਲੀ ਹੈ। ਸਰਕਾਰ ਨੇ ਕਿਹਾ ਹੈ ਕਿ ਬੱਚੇਦਾਨੀ ਤੇ ਮੂੰਹ ਦੇ ਕੈਂਸਰ ਨਾਲ ਲੜਨ ਲਈ 9 ਤੋਂ 14 ਸਾਲ ਦੀਆਂ ਲੜਕੀਆਂ ਦਾ ਟੀਕਾਕਰਨ ਕੀਤਾ ਜਾਵੇਗਾ। ਸਰਵਾਈਕਲ ਕੈਂਸਰ ਹਾਲ ਹੀ ਦੇ ਸਾਲਾਂ ਵਿੱਚ ਇੱਕ ਪ੍ਰਮੁੱਖ ਸਿਹਤ ਚਿੰਤਾ ਵਜੋਂ ਉਭਰਿਆ ਹੈ।



## ਅਕਾਲੀ ਦਲ ਵੱਲੋਂ 'ਪੰਜਾਬ ਬਚਾਓ ਯਾਤਰਾ' ਦੀ ਸ਼ੁਰੂਆਤ, ਸੁਖਬੀਰ ਬਾਦਲ ਨੇ ਕਹੀਆਂ ਵੱਡੀਆਂ ਗੱਲਾਂ

**ਅੰਮ੍ਰਿਤਸਰ, 1 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਅੱਜ 'ਪੰਜਾਬ ਬਚਾਓ ਯਾਤਰਾ' ਦੀ ਸ਼ੁਰੂਆਤ ਅੰਮ੍ਰਿਤਸਰ ਅਟਾਰੀ ਤੋਂ ਕੀਤੀ ਗਈ। ਇਸ ਯਾਤਰਾ ਦੀ ਸ਼ੁਰੂਆਤ ਤੋਂ ਪਹਿਲਾਂ ਸਮੁੱਚੀ ਸ਼੍ਰੋਮਣੀ ਅਕਾਲੀ ਦਲ ਪਾਰਟੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਮੱਥਾ ਟੇਕਿਆ। ਯਾਤਰਾ ਨੂੰ ਸੰਬੋਧਨ ਕਰਦਿਆਂ ਸੁਖਬੀਰ ਬਾਦਲ ਨੇ ਕਿਹਾ ਸਭ ਤੋਂ ਪਹਿਲਾਂ ਯਾਤਰਾ 'ਚ ਆਏ ਸਾਰੇ ਨੌਜਵਾਨਾਂ, ਵਰਕਰ ਅਤੇ ਲੀਡਰਸ਼ੀਪ ਦਾ ਧੰਨਵਾਦ ਕਰਦਾ ਹਾਂ। ਉਨ੍ਹਾਂ ਕਿਹਾ ਇਹ ਯਾਤਰਾ ਪੰਜਾਬ ਦੇ ਹਾਲਾਤ ਸੁਧਾਰਨ ਲਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਜੋ ਅੱਜ ਪੰਜਾਬ ਦੇ ਹਾਲਾਤ ਹਨ, ਉਹ ਆਜ਼ਾਦੀ ਤੋਂ ਬਾਅਦ ਵੀ ਨਹੀਂ ਵੇਖੇ ਸਨ। ਸੁਖਬੀਰ ਬਾਦਲ ਨੇ ਕਿਹਾ ਅੱਜ ਪੰਜਾਬ 'ਚ ਡਰ ਅਤੇ ਗੁੰਡਾਗਰਦੀ ਦਾ ਮਾਹੌਲ ਹੈ। ਉਨ੍ਹਾਂ ਕਿਹਾ ਆਮ ਇਨਸਾਨ ਰਾਤ ਨੂੰ ਇਕੱਲਾ ਘਰੋਂ ਨਹੀਂ ਨਿਕਲ ਸਕਦਾ ਕਿਉਂਕਿ ਇਸ ਸਮੇਂ ਕਾਨੂੰਨ ਨਾਮ ਦੀ ਕੋਈ ਚੀਜ਼ ਨਹੀਂ ਹੈ। ਉਨ੍ਹਾਂ ਕਿਹਾ ਪੰਜਾਬ ਦਾ ਵੱਡਾ ਨੁਕਸਾਨ ਪੰਜਾਬ ਦੀ ਜਵਾਨੀ ਦਾ ਹੋ ਰਿਹਾ ਹੈ, ਜਿਸ ਕਾਰਨ ਸੂਬਾ ਖ਼ਰਾਬ ਹੋ ਰਿਹਾ ਹੈ। ਸੁਖਬੀਰ ਬਾਦਲ ਨੇ ਕਿਹਾ ਜੇਕਰ ਪੰਜਾਬ 'ਚ ਲੋਕਾਂ ਨੂੰ ਨੌਕਰੀਆਂ ਮਿਲਣਗੀਆਂ ਤਾਂ ਵਿਕਾਸ ਹੋਵੇਗਾ ਅਤੇ ਸਾਨੂੰ ਖੁਸ਼ੀ ਹੋਵੇਗੀ। ਇਸ ਬਾਰੇ ਨੈਸ਼ਨਲ ਪਾਰਟੀਆਂ ਨੂੰ ਕੋਈ ਫ਼ਕਿਰ ਨਹੀਂ ਹੈ, ਸਿਰਫ਼ ਅਕਾਲੀ ਦਲ ਪਾਰਟੀ ਹੈ, ਜਿਸ ਨੇ ਪੰਜਾਬ ਨਾਲ ਖੜ੍ਹਨਾ ਹੈ। ਉਨ੍ਹਾਂ ਕਿਹਾ ਜੋ ਵੀ ਹੁਣ ਤੱਕ ਹੋਇਆ ਹੈ, ਉਸ 'ਚ ਅਕਾਲੀ ਦਲ ਪਾਰਟੀ ਤੋਂ ਇਲਾਵਾ ਹੋਰ ਕਿਸੇ ਪਾਰਟੀ ਨੇ ਆਵਾਜ਼ ਨਹੀਂ ਉਠਾਈ। ਇਸ ਮੌਕੇ ਸੁਖਬੀਰ ਬਾਦਲ ਨੇ ਅੱਗੇ ਬੋਲਦੇ ਹੋਏ ਕਿਹਾ ਕਿ ਪੰਜਾਬ ਵਿਚ ਜੋ ਚਾਰ ਮਾਰਗੀ ਸੜਕਾਂ, ਟਿਊਬਵੈਲ ਬਣਾਏ ਗਏ ਹਨ, ਉਹ ਅਕਾਲੀਆਂ ਦੀ ਸਰਕਾਰ ਨੇ ਹੀ ਬਣਾਏ ਹਨ।



## ਗੈਂਗਸਟਰ ਲੱਕੀ ਪਟਿਆਲ ਨੇ ਪ੍ਰਾਪਰਟੀ ਡੀਲਰ ਤੋਂ ਮੰਗੀ 1 ਕਰੋੜ ਦੀ ਫਿਰੌਤੀ, ਇਨਕਾਰ ਕੀਤਾ ਤਾਂ ਚਲਾਈਆਂ ਗੋਲੀਆਂ



**ਚੰਡੀਗੜ੍ਹ, 1 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਮੁਹਾਲੀ ਵਿੱਚ ਪ੍ਰਾਪਰਟੀ ਡੀਲਰ ਵਜੋਂ ਕੰਮ ਕਰਨ ਵਾਲੇ ਜਸਵੀਰ ਸਿੰਘ ਉਰਫ਼ ਕਾਕਾ ਦੇ ਘਰ ਚਾਰ ਰਾਉਂਡ ਫਾਇਰਿੰਗ ਕੀਤੀ ਗਈ। ਮਾਮਲਾ ਜਬਰੀ ਵਸੂਲੀ ਨਾਲ ਸਬੰਧਤ ਦੱਸਿਆ ਜਾ ਰਿਹਾ ਹੈ। ਘਟਨਾ ਦੇਰ ਰਾਤ ਵਾਪਰੀ। ਪਿਛਲੇ ਕਈ ਦਿਨਾਂ ਤੋਂ ਉਸ ਨੂੰ ਗੈਂਗਸਟਰ ਲੱਕੀ ਪਟਿਆਲ ਦੇ ਨਾਂਅ ਤੇ ਵਿਦੇਸ਼ੀ ਨੰਬਰ ਤੋਂ ਫੋਨ ਆ ਰਹੇ ਸਨ। ਇਸ ਦੇ ਨਾਲ ਹੀ ਇੱਕ ਕਰੋੜ ਰੁਪਏ ਦੀ ਫਿਰੌਤੀ ਦੀ ਮੰਗ ਕੀਤੀ ਜਾ ਰਹੀ ਸੀ। ਉਸ ਨੇ ਫਿਰੌਤੀ ਦੀ ਰਕਮ ਦੇਣ ਤੋਂ ਇਨਕਾਰ ਕਰ ਦਿੱਤਾ ਸੀ। ਇਸ ਤੋਂ ਬਾਅਦ ਉਨ੍ਹਾਂ ਦੇ ਘਰ 'ਤੇ ਗੋਲੀਬਾਰੀ ਕੀਤੀ ਗਈ। ਪੁਲਿਸ ਨੇ ਜਸਵੀਰ ਦੇ ਬਿਆਨਾਂ 'ਤੇ ਲੱਕੀ ਪਟਿਆਲ ਸਮੇਤ ਦੋ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕਰ ਲਿਆ ਹੈ। ਪੁਲਿਸ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਦੇਰ ਰਾਤ ਦੋ ਨੌਜਵਾਨ ਬਾਈਕ 'ਤੇ ਸਵਾਰ ਹੋ ਕੇ ਪ੍ਰਾਪਰਟੀ ਡੀਲਰ ਜਸਵੀਰ ਉਰਫ਼ ਕਾਕਾ ਦੇ ਘਰ ਆਏ ਸਨ। ਉਨ੍ਹਾਂ ਨੇ ਤੁਰੰਤ ਉਸ ਦੇ ਘਰ 'ਤੇ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਗੋਲੀ ਚਲਾਉਣ ਤੋਂ ਬਾਅਦ ਉਹ ਮੌਕੇ ਤੋਂ ਫਰਾਰ ਹੋ ਗਏ। ਇਸ ਦੇ ਨਾਲ ਹੀ ਮੋਹਾਲੀ ਪੁਲਿਸ ਅਤੇ ਮੋਹਾਲੀ ਕ੍ਰਾਈਮ ਟੀਮ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਗੋਲੀਬਾਰੀ ਦੌਰਾਨ ਘਰ ਦੇ ਅੰਦਰ ਖੜ੍ਹੀ ਪ੍ਰਾਪਰਟੀ ਡੀਲਰ ਦੀ ਫਾਰਚੂਨਰ ਕਾਰ ਦਾ ਸ਼ੀਸ਼ਾ ਵੀ ਟੁੱਟ ਗਿਆ। ਕਾਰ ਤੋਂ ਇਲਾਵਾ ਦਰਵਾਜ਼ੇ 'ਤੇ ਤਿੰਨ ਗੋਲੀਆਂ ਦੇ ਨਿਸ਼ਾਨ ਹਨ। ਲੱਕੀ ਪਟਿਆਲ ਗੈਂਗ ਦਵਿੰਦਰ ਵਿਦੇਸ਼ ਤੋਂ ਬੰਬੀਹਾ ਗੈਂਗ ਦੀ ਕਮਾਂਡ ਸੰਭਾਲ ਰਿਹਾ ਹੈ। ਉਹ ਚੰਡੀਗੜ੍ਹ ਦਾ ਰਹਿਣ ਵਾਲਾ ਹੈ। ਉਹ ਲੰਬੇ ਸਮੇਂ ਤੋਂ ਵਿਦੇਸ਼ ਵਿੱਚ ਬੈਠਾ ਹੈ। ਵਿਦੇਸ਼ਾਂ ਵਿੱਚ ਬੈਠ ਕੇ ਉਹ ਇੱਥੋਂ ਦੇ ਲੋਕਾਂ ਤੋਂ ਜਬਰੀ ਵਸੂਲੀ ਅਤੇ ਨਾਜਾਇਜ਼ ਵਸੂਲੀ ਦਾ ਕੰਮ ਕਰਦਾ ਹੈ। ਇਸ ਤੋਂ ਪਹਿਲਾਂ ਵੀ ਮੋਹਾਲੀ 'ਚ ਅਜਿਹੇ ਕਈ ਮਾਮਲੇ ਦਰਜ ਹਨ। ਪੁਲਿਸ ਆਸ-ਪਾਸ ਲੱਗੇ ਸੀਸੀਟੀਵੀ ਕੈਮਰਿਆਂ ਦੀ ਮਦਦ ਨਾਲ ਉਕਤ ਦੋਵਾਂ ਨੌਜਵਾਨਾਂ ਦੀ ਪਛਾਣ ਕਰਨ ਦੀ ਕੋਸ਼ਸ਼ਿ ਕਰ ਰਹੀ ਹੈ। NIA ਕਈ ਵਾਰ ਉਸ ਦੇ ਘਰ ਛਾਪੇਮਾਰੀ ਵੀ ਕਰ ਚੁੱਕੀ ਹੈ।

ਆਵਾਜ਼ਿ ਕੌਮ

Daily Newspaper from U.K.

Publisher/Chief Editor

Raghbir Singh Walsal

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ

ਯੂ.ਕੇ. ਮੁੱਖ ਸੰਪਾਦਕ

Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

## ਪੰਜਾਬ ਤੋਂ ਦਿੱਲੀ ਤੱਕ ਹੋਈ ਭਾਰੀ ਬਾਰਿਸ਼, ਓਰੇਂਜ ਅਲਰਟ ਜਾਰੀ




**ਨਵੀਂ ਦਿੱਲੀ, 1 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਉੱਤਰੀ ਭਾਰਤ ਵਿੱਚ ਮੀਂਹ ਕਾਰਨ ਮੌਸਮ ਦਾ ਮਿਜਾਜ਼ ਬਦਲ ਗਿਆ ਹੈ। ਇਸ ਦੌਰਾਨ ਮੌਸਮ ਵਿਭਾਗ ਨੇ ਫਰਵਰੀ ਵਿੱਚ ਆਮ ਨਾਲੋਂ ਵੱਧ ਮੀਂਹ ਪੈਣ ਦੀ ਭਵਿੱਖਬਾਣੀ ਕੀਤੀ ਹੈ। ਦਿੱਲੀ-ਐਨਸੀਆਰ ਵਿੱਚ ਮੀਂਹ ਰੁਕ-ਰੁਕ ਕੇ ਜਾਰੀ ਹੈ। ਮੀਂਹ ਕਾਰਨ ਭਾਵੇਂ ਧੁੰਦ ਨਹੀਂ ਪਈ ਪਰ ਠੰਢ ਵਧ ਗਈ ਹੈ। ਮੀਂਹ ਕਾਰਨ ਕਈ ਥਾਵਾਂ 'ਤੇ ਪਾਣੀ ਭਰ ਗਿਆ ਹੈ। ਦਿੱਲੀ 'ਚ ਦੇਰ ਰਾਤ ਤੋਂ ਬਾਰਿਸ਼ ਹੋ ਰਹੀ ਹੈ। ਹਰਿਆਣਾ, ਪੰਜਾਬ, ਉੱਤਰ ਪ੍ਰਦੇਸ਼ ਅਤੇ ਪੂਰਬੀ ਰਾਜਸਥਾਨ ਵਿੱਚ ਹਲਕੀ ਤੋਂ ਦਰਮਿਆਨੀ ਬਾਰਿਸ਼ ਦੀ ਸੰਭਾਵਨਾ ਹੈ। ਆਈਐਮਡੀ ਦੇ ਅਨੁਸਾਰ, ਜਨਵਰੀ ਵਿੱਚ ਉੱਤਰ-ਪੱਛਮੀ ਭਾਰਤ ਵਿੱਚ ਸਿਰਫ 3.1 ਮਿਲੀਮੀਟਰ ਬਾਰਿਸ਼ ਦਰਜ ਕੀਤੀ ਗਈ ਸੀ, ਜੋ ਕਿ 1901 ਤੋਂ ਬਾਅਦ ਦੂਜੀ ਸਭ ਤੋਂ ਘੱਟ ਸੀ। ਹਾਲਾਂਕਿ ਫਰਵਰੀ 'ਚ ਆਮ ਨਾਲੋਂ ਜ਼ਿਆਦਾ ਬਾਰਿਸ਼ ਹੋ ਸਕਦੀ ਹੈ। ਬੀਤੀ ਰਾਤ ਤੋਂ ਹੀ ਦਿੱਲੀ-ਐਨਸੀਆਰ ਸਮੇਤ ਪੂਰੇ ਉੱਤਰ ਭਾਰਤ ਵਿੱਚ ਭਾਰੀ ਮੀਂਹ ਪੈ ਰਿਹਾ ਹੈ, ਜਿਸ ਕਾਰਨ ਲੋਕਾਂ ਨੂੰ ਬੇਸ਼ੱਕ ਧੁੰਦ ਤੋਂ ਰਾਹਤ ਮਿਲੀ ਹੈ ਪਰ ਠੰਡ ਅਜੇ ਵੀ ਦੇਖਣ ਨੂੰ ਮਿਲ ਰਹੀ ਹੈ। ਅੱਜ ਮੌਸਮ ਵਿਭਾਗ ਨੇ ਬਾਰਿਸ਼ ਦੇ ਨਾਲ-ਨਾਲ ਠੰਡੇ ਦਿਨ ਲਈ ਓਰੇਂਜ ਅਲਰਟ ਜਾਰੀ ਕੀਤਾ ਹੈ। ਦਿੱਲੀ ਦੇ ਨਾਲ-ਨਾਲ ਹਿਮਾਚਲ ਪ੍ਰਦੇਸ਼, ਚੰਡੀਗੜ੍ਹ, ਹਰਿਆਣਾ, ਪੰਜਾਬ ਅਤੇ ਉੱਤਰਾਖੰਡ ਵਿੱਚ ਬਾਰਿਸ਼ ਦਾ ਓਰੇਂਜ ਅਲਰਟ ਹੈ। ਦਿੱਲੀ ਵਿੱਚ ਅੱਜ ਵੱਧ ਤੋਂ ਵੱਧ ਤਾਪਮਾਨ 19 ਡਿਗਰੀ ਸੈਲਸੀਅਸ ਰਹਿਣ ਦਾ ਅਨੁਮਾਨ ਹੈ ਜਦੋਂ ਕਿ ਘੱਟੋ-ਘੱਟ ਤਾਪਮਾਨ 8 ਡਿਗਰੀ ਸੈਲਸੀਅਸ ਦੇ ਆਸ-ਪਾਸ ਰਹਿਣ ਦਾ ਅਨੁਮਾਨ ਹੈ। ਅੱਜ ਦਿੱਲੀ ਦੀ ਔਸਤ AQI 299 ਹੈ, ਜੋ ਕਿ ਗਰੀਬ ਸ਼੍ਰੇਣੀ ਵਿੱਚ ਦਰਜ ਹੈ। ਹਾਲਾਂਕਿ ਪਹਿਲਾਂ ਦੇ ਮੁਕਾਬਲੇ ਲੋਕਾਂ ਨੂੰ ਪ੍ਰਦੂਸ਼ਣ ਤੋਂ ਵੱਡੀ ਰਾਹਤ ਮਿਲੀ ਹੈ।

ੴ ਏਤੀ ਮਾਰ ਪਈ ਕਰਲਾਣੇ ਤੈਂ ਕੀ ਦਰਦੁ ਨ ਆਇਆ।। ੴ



ਪਰਮ ਸਤਿਕਾਰਯੋਗ........................................ ਜੀਓ

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ।।

# 10 ਫਰਵਰੀ 2024 ਦੇ
# ਨੁਮਾਇੰਦਾ ਇਕੱਠ
## ਵਿੱਚ ਜਲੰਧਰ ਪਹੁੰਚਣ ਲਈ ਸੱਦਾ ਪੱਤਰ।

: ਏਜੰਡਾ :

**ਜਥੇਦਾਰ ਗੁਰਦੇਵ ਸਿੰਘ ਕਾਉਂਕੇ ਦਾ ਇਨਸਾਫ ਲੈਣ ਹਿੱਤ ਕਾਨੂੰਨੀ ਪੱਖ ਤੇ ਲੋਕ ਲਹਿਰ ਉਸਾਰਨ ਲਈ।**

ਬੇਨਤੀ ਹੈ ਕਿ ਜਿਵੇਂ ਆਪ ਜੀ ਨੂੰ ਭਲੀ ਭਾਂਤ ਪਤਾ ਹੀ ਹੈ ਕਿ ਅੱਜ ਤੋਂ 31 ਸਾਲ ਪਹਿਲਾਂ ਉਸ ਸਮੇਂ ਦੀ ਕਾਂਗਰਸ ਸਰਕਾਰ ਦੇ ਹੱਥ ਠੋਕੇ ਬੇਅੰਤ ਸਿੰਘ ਮੁੱਖ ਮੰਤਰੀ ਪੰਜਾਬ ਤੇ ਉਸਦੇ ਅਹਿਲਕਾਰਾਂ ਨੇ ਉਸ ਸਮੇਂ ਦੇ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਕਾਉਂਕੇ ਨੂੰ ਉਹਨਾਂ ਦੇ ਆਪਣੇ ਪਿੰਡ ਕਾਉਂਕੇ ਤੋਂ ਪਿੰਡ ਵਾਸੀਆਂ ਦੇ ਸਾਹਮਣੇ ਦਿਨ ਦਿਹਾੜੇ ਗ੍ਰਿਫਤਾਰ ਕਰਕੇ ਸੀ ਆਈ ਏ ਸਟਾਫ ਜਗਰਾਉਂ ਵਿਖੇ ਰੱਖਕੇ ਅਸਹਿ ਤੇ ਅਕਹਿ ਤਸੀਹੇ ਦੇ ਕੇ ਅਤੇ ਕੋਹ ਕੋਹ ਕੇ ਉਹਨਾਂ ਦੇ ਸਰੀਰ ਦੇ ਟੋਟੇ ਟੋਟੇ ਕਰਕੇ, ਭਾਵੇਂ ਇੱਕ ਜਨਵਰੀ 1993 ਨੂੰ ਸਹੀਦ ਕਰ ਦਿੱਤਾ ਗਿਆ ਸੀ। ਪਰ ਉਸ ਸਮੇਂ ਪੁਲਿਸ ਵਲੋਂ ਉਹਨਾਂ ਨੂੰ ਪੁਲਿਸ ਹਿਰਾਸਤ ਵਿੱਚੋਂ ਭੱਜਣ ਦਾ ਡਰਾਮਾ ਰਚਿਆ ਗਿਆ ਸੀ। ਉਸ ਸਮੇਂ ਤੋਂ ਪੰਥ ਵਲੋਂ ਉਹਨਾਂ ਦੇ ਕਾਤਲਾਂ ਨੂੰ ਸਜਾ ਦਿਵਾਉਣ ਲਈ ਇੱਕ ਸੁਰ ਹੋ ਕੇ ਮੰਗ ਉਠਾਉਣ ਦੇ ਬਾਵਜੂਦ ਕਿਸੇ ਵੀ ਹੁਕਮਰਾਨ ਸਰਕਾਰ ਨੇ ਇਸ ਦਾ ਇਨਸਾਫ ਦੇਣ ਦੀ ਬਜਾਏ ਅੱਖੋਂ ਪਰੋਖੇ ਕਰੀ ਰੱਖਿਆ ਇਥੋਂ ਤੱਕ ਕਿ ਪੰਥ ਦੀਆਂ ਵੋਟਾਂ ਲੈ ਕੇ ਤਿੰਨ ਵਾਰ ਸ. ਪ੍ਰਕਾਸ ਸਿੰਘ ਬਾਦਲ ਦੀ ਅਗਵਾਈ ਹੇਠ ਬਣੀ ਅਕਾਲੀ ਸਰਕਾਰ ਨੇ ਆਪਣੀ ਕੌਮ ਦੇ ਜਥੇਦਾਰ ਦਾ ਇਨਸਾਫ ਤਾਂ ਕੀ ਦੇਣਾ ਸੀ ਸਗੋਂ ਕਾਤਲ ਪੁਲਿਸ ਅਫਸਰਾਂ ਨੂੰ ਉਹਨਾਂ ਦੇ ਪਸੰਦੀ ਦੇ ਉੱਚ ਆਹੁਦੇ ਦੇ ਕੇ ਨਿਵਾਜਿਆ ਗਿਆ। ਸ. ਪ੍ਰਕਾਸ ਸਿੰਘ ਬਾਦਲ ਬਾਦਲ ਨੇ ਮੁੱਖ ਮੰਤਰੀ ਤੇ ਸ. ਸੁਖਬੀਰ ਸਿੰਘ ਬਾਦਲ ਨੇ ਗ੍ਰਹਿ ਮੰਤਰੀ ਰਹਿੰਦਿਆਂ ਲਗਾਤਾਰ ਕ੍ਰਮਵਾਰ 13 ਤੇ 8 ਸਾਲ ਬੀ ਪੀ ਤਿਵਾੜੀ ਦੀ ਜਾਂਚ ਰਿਪੋਰਟ ਨੂੰ ਆਪਣੇ ਸਿਰਹਾਣੇ ਤੇ ਗੋਡੇ ਥੱਲੇ ਦਬਾਅ ਕੇ ਕਾਤਲਾਂ ਨੂੰ ਆਪਣੀ ਬੁੱਕਲ ਵਿਚ ਲੈ ਕੇ ਬਚਾਉਂਦੇ ਤੇ ਲਕਾਉਦੇ ਰਹੇ।

ਪ੍ਰੰਤੂ ਹੁਣ ਉਨਾਂ ਦੇ ਕਤਲ ਦੀ 25 ਸਾਲਾਂ ਬਾਅਦ ਪੁਲਿਸ ਅਫਸਰ ਬੀ ਪੀ ਤਿਵਾੜੀ ਦੀ ਜਾਂਚ ਰਿਪੋਰਟ ਜਨਤਕ ਹੋ ਕੇ ਸ੍ਰੀ ਅਕਾਲ ਤਖਤ ਸਾਹਿਬ ਤੇ ਦਾਖਲ ਹੋਈ ਹੈ। ਇਸ ਰਿਪੋਰਟ ਨੇ ਅੱਜ ਸੰਸਾਰ ਪੱਧਰ ਤੇ ਸਿੱਖ ਕੌਮ ਨੂੰ ਮੁੜ ਅਗਵਾਈ ਦਿੰਦਿਆ ਉਸ ਦੌਰ ਦੀਆਂ ਵਧੀਕੀਆਂ ਤੇ ਜਬਰ ਜੁਲਮ ਦਾ ਇਨਸਾਫ ਲੈਣ ਅਤੇ ਖੇਰੂ-ਖੇਰੂ ਹੋਈ ਕੌਮ ਨੂੰ ਜਗਾਉਣ ਅਤੇ ਇੱਕ ਮੰਚ ਤੇ ਇਕੱਠਿਆਂ ਹੋਣ ਲਈ ਲੋਕ ਲਹਿਰ ਖੜ੍ਹੀ ਕਰਨ ਲਈ ਹਲੂਣਾ ਦਿੱਤਾ ਹੈ।

ਸੋ ਆਓ ਪੰਥ ਅਤੇ ਪੰਜਾਬ ਦੇ ਦਰਦੀਓ, ਸਾਬਕਾ ਜੱਜ ਸਾਹਿਬਾਨ, ਵਕੀਲ ਸਾਹਿਬਾਨ ਮਨੁੱਖੀ ਅਧਿਕਾਰਾਂ ਲਈ ਅਵਾਜ ਬੁਲੰਦ ਕਰਨ ਵਾਲਿਓ, **10 ਫਰਵਰੀ 2024 ਨੂੰ ਸਵੇਰੇ 11 ਵਜੇ ਜਲੰਧਰ ਦੇ ਗੁਰੂ ਤੇਗ ਬਹਾਦੁਰ ਸਾਹਿਬ ਨਗਰ ਦੇ, ਗੁਰਦੁਆਰਾ ਗੁਰੂ ਤੇਗ ਬਹਾਦਰ** ਵਿਖੇ ਪੁੱਜਣ ਦੀ ਬੇਨਤੀ ਕੀਤੀ ਜਾਂਦੀ ਹੈ ਜੀ। ਸੋ ਗੁਰੂ ਹੁਕਮਾਂ ਦੀ ਰੋਸਨੀ ਵਿੱਚ, ਭਵਿੱਖੀ ਰਣਨੀਤੀ ਤਿਆਰ ਕਰਨ ਲਈ ਜਥੇਦਾਰ ਕਾਉਂਕੇ ਦੇ ਇਨਸਾਫ ਲੈਣ ਲਈ ਮੀਟਿੰਗ ਵਿੱਚ ਪਹੁੰਚਣ ਦਾ ਸੱਦਾ ਪ੍ਰਵਾਨ ਕਰਨਾ ਜੀ।

: ਨੋਟ :

ਜਥੇਦਾਰ ਕਾਉਂਕੇ ਸਾਹਿਬ ਦੇ ਮੁੱਦੇ ਤੇ ਇਨਸਾਫ ਲੈਣ ਲਈ ਕਨੂੰਨੀ ਰਾਏ ਤੇ ਲੋਕ ਲਹਿਰ ਖੜ੍ਹੀ ਕਰਨ ਲਈ ਆਪਣੇ ਕੀਮਤੀ ਸੁਝਾਅ ਸੰਖੇਪ ਸਬਦਾਂ ਵਿੱਚ ਲਿਖਕੇ ਲੈ ਕੇ ਆਉਣ ਦੀ ਕ੍ਰਿਪਾਲਤਾ ਕਰਨੀ ਜੀ। ਆਪ ਜੀ ਦੇ ਧੰਨਵਾਦੀ ਹੋਵਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV


: ਗੁਰੂ ਪੰਥ ਦੇ ਦਾਸ :

**ਤਾਲਮੇਲ ਇਨਸਾਫ਼ ਕਮੇਟੀ**

**ਅਮਰ ਸ਼ਹੀਦ ਜਥੇਦਾਰ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਕਾਉਂਕੇ**

**ਕਾਰਜਕਾਰੀ ਜਥੇਦਾਰ, ਸ੍ਰੀ ਅਕਾਲ ਤਖਤ ਸਾਹਿਬ**


ਸੰਪਰਕ ਨੰਬਰ : 9872482164, 9814013915, 9814015740, 9779750126, ਕਨੂੰਨੀ ਸੁਝਾਅ ਦੇਣ ਵਾਸਤੇ ਨੰਬਰ : 9878421013




# ਭਾਸ਼ਾ ਵਿਭਾਗ ਵੱਲੋਂ 'ਤ੍ਰੈ ਭਾਸ਼ੀ ਕਵੀ ਦਰਬਾਰ' ਦਾ ਆਯੋਜਿਤ

ਬਠਿੰਡਾ, 1 ਫਰਵਰੀ (ਗੁਰਜੰਟ ਸਿੰਘ ਨਥੇਹਾ)-ਮੁੱਖ ਮੰਤਰੀ ਪੰਜਾਬ ਸ.ਭਗਵੰਤ ਸਿੰਘ ਮਾਨ, ਉਚੇਰੀ ਸਿੱਖਿਆ ਤੇ ਭਾਸ਼ਾ ਮੰਤਰੀ ਪੰਜਾਬ ਸ.ਹਰਜੋਤ ਸਿੰਘ ਬੈਂਸ ਦੀ ਸਰਪ੍ਰਸਤੀ ਅਤੇ ਡਾਇਰੈਕਟਰਭਾਸ਼ਾ ਵਿਭਾਗ ਪੰਜਾਬ ਸ਼੍ਰੀਮਤੀ ਹਰਪ੍ਰੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਭਾਸ਼ਾ ਵਿਭਾਗਪੰਜਾਬ ਵੱਲੋਂ "'ਤ੍ਰੈ-ਭਾਸ਼ੀ ਕਵੀ ਦਰਬਾਰ" ਸਰਕਾਰੀ ਰਜਿੰਦਰਾ ਕਾਲਜ ਦੇ ਆਡੀਟੋਰੀਅਮ ਵਿਖੇ ਆਯੋਜਿਤ ਕੀਤਾ ਗਿਆ। ਇਹ ਕਵੀ ਦਰਬਾਰ ਸਰਕਾਰੀ ਰਾਜਿੰਦਰਾ ਕਾਲਜ ਦੇ ਭਾਸ਼ਾ ਮੰਚ ਦੇ ਸਹਿਯੋਗ ਨਾਲ ਕਰਵਾਇਆ ਗਿਆ, ਜਿਸ ਵਿੱਚ ਪੰਜਾਬੀ, ਹਿੰਦੀ ਅਤੇ ਉਰਦੂ ਭਾਸ਼ਾ ਦੇ ਨਾਮਵਰ ਕਵੀਆਂ ਨੇ ਭਾਗ ਲਿਆ। ਮੁੱਖ ਮਹਿਮਾਨ ਵਜੋਂ ਵਧੀਕ ਡਿਪਟੀ ਕਮਿਸ਼ਨਰ ਮਿਸ ਪੂਨਮ ਸਿੰਘ ਨੇ ਸ਼ਰਿਕਤ ਕੀਤੀ।ਸਮਾਗਮ ਦੀ ਪ੍ਰਧਾਨਗੀ ਸਥਾਪਤ ਸ਼ਾਇਰ ਅਤੇ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ





ਸਭਾ ਸ਼੍ਰੀ ਦਰਸ਼ਨ ਬੁੱਟਰ ਨੇ ਕੀਤੀ। ਸਲਾਹਕਾਰ ਬੋਰਡ ਭਾਰਤੀ ਸਾਹਿਤ ਅਕਾਦਮੀ ਦਿੱਲੀ ਦੇ ਮੈਂਬਰ ਸ਼੍ਰੀ ਜਸਪਾਲ ਮਾਨਖੇੜਾ ਅਤੇ ਅਕਾਦਮਿਕ ਕੌਂਸਲਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਮੈਂਬਰ ਸ਼੍ਰੀ ਰਿਸ਼ੀ ਹਿਰਦੇਪਾਲ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ। ਵਧੀਕ ਡਿਪਟੀ ਕਮਿਸ਼ਨਰ ਮਿਸ ਪੂਨਮ ਸਿੰਘ ਨੇ ਬੋਲਦਿਆਂ ਕਿਹਾ ਕਿ ਉਨ੍ਹਾਂ ਨੂੰ ਕਵਿਤਾ ਵਿੱਚ ਹਮੇਸ਼ਾਂ ਹੀ ਦਿਲਚਸਪੀ ਰਹੀ ਹੈ,ਕਿਉਂਕਿ ਕਵਿਤਾ ਦਾ ਸਿੱਧਾ ਸਬੰਧ ਰੂਹ ਨਾਲ਼ ਹੁੰਦਾ ਹੈ। ਇਸ ਦੌਰਾਨ ਉਨ੍ਹਾਂ ਪਾਸ਼ ਅਤੇ ਸਾਹਿਰ ਦੀਆਂ ਕਵਿਤਾਵਾਂ 'ਚੋਂ ਕੁਝ ਸਤਰਾਂ ਬੋਲਦਿਆਂ ਜ਼ਿਲ੍ਹਾ ਭਾਸ਼ਾ ਅਫ਼ਸਰ ਕੀਰਤੀ ਕਿਰਪਾਲ ਨੂੰ ਇਸ ਉਪਰਾਲੇ ਲਈ ਵਧਾਈ ਦਿੱਤੀ। ਜ਼ਿਲ੍ਹਾ ਭਾਸ਼ਾ ਅਫ਼ਸਰ ਕੀਰਤੀ ਕਿਰਪਾਲ ਨੇ ਮੁੱਖ ਮਹਿਮਾਨ ਅਤੇ ਸਾਹਿਤ ਜਗਤ ਦੀਆਂ ਉੱਘੀਆਂ ਸ਼ਖ਼ਸੀਅਤਾਂ ਦਾ ਸੁਆਗਤ ਕਰਦਿਆਂ ਕਿਹਾ ਕਿ ਇਹਨਾਂ ਸਾਹਿਤਕ ਸਰਗਰਮੀਆਂ ਰਾਹੀਂ ਭਾਸ਼ਾ ਵਿਭਾਗ ਦਾ ਹਮੇਸ਼ਾਂ ਮਕਸਦ ਵਿਦਿਆਰਥੀਆਂ ਦੇ ਰੂਬਰੂ ਹੋਣਾ ਹੁੰਦਾ ਹੈ। ਉਨ੍ਹਾਂ ਅੱਗੇ ਬੋਲਦਿਆਂ ਕਿਹਾ ਕਿ ਇਹਨਾਂ ਨਾਮਵਰ ਕਵੀਆਂ ਨੂੰ ਸੁਣ ਕੇ ਵਿਦਿਆਰਥੀ ਉੱਚ ਪੱਧਰ ਦੇ ਸਾਹਿਤ ਤੋਂ ਜਾਣੂ ਹੋਣਗੇ। ਸਮਾਗਮ ਦੀ ਪ੍ਰਧਾਨਗੀ ਕਰ ਰਹੇ ਉੱਘੇ ਕਵੀ ਦਰਸ਼ਨ ਬੁੱਟਰ ਨੇ ਭਾਸ਼ਾ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਮੌਜੂਦਾ ਹਾਲਾਤ ਵਿੱਚ ਅਜਿਹੇ ਸਮਾਗਮ ਸਮੇਂ ਦੀ ਲੋੜ ਹਨ ਅਤੇ ਕਵੀਆਂ ਨੂੰ ਕਲਮਾਂ ਤਿੱਖੀਆਂ ਕਰਨ ਲਈ ਵੰਗਾਰਿਆ। ਉਨ੍ਹਾਂ ਨੇ ਆਪਣੀ ਕਵਿਤਾ ਰਾਹੀਂ 'ਕਵਿਤਾ' ਸ਼ਬਦ ਨੂੰ ਵੱਖ-ਵੱਖ ਸੰਦਰਭ ਵਿੱਚ ਬਹੁਤ ਖ਼ੂਬਸੂਰਤੀ ਨਾਲ਼ ਪੇਸ਼ ਕੀਤਾ। ਹਾਜ਼ਰ ਕਵੀਆਂ ਨੇ ਅਜੋਕੇ ਸਮੇਂ ਦੇ ਹਾਣ ਦੀਆਂ ਕਵਿਤਾਵਾਂ ਸੁਣਾ ਕੇ ਇੰਝ ਸਮਾਂ ਬੰਨ੍ਹਿਆ ਕਿ ਸਰੋਤੇ ਉਸ ਵਿੱਚ ਮੁਗਧ ਹੋ ਗਏ। ਮੰਚ ਸੰਚਾਲਨ ਮਨਜੀਤ ਸੂਖ਼ਮ ਨੇ ਕੀਤਾ। ਇਸ ਮੌਕੇ ਭਾਸ਼ਾ ਵਿਭਾਗ ਵੱਲੋਂ ਪੁਸਤਕ ਪ੍ਰਦਰਸ਼ਨੀ ਵੀ ਲਗਾਈ ਗਈ।ਕਵੀ ਦਰਬਾਰ ਵਿੱਚ ਬਲਵਿੰਦਰ ਸੰਧੂ, ਤਰਸੇਮ, ਸੁਰਿੰਦਰਪ੍ਰੀਤ ਘਣੀਆ, ਸਵਤੰਤਰ ਦੇਵ ਆਰਿਫ਼, ਪਰਮਜੀਤ ਢਿੱਲੋਂ, ਮਨਜੀਤ ਸੂਖਮ, ਰਣਬੀਰ ਰਾਣਾ, ਜਨਕ ਰਾਜ ਜਨਕ,ਅਜਮੇਰ ਦੀਵਾਨਾ, ਜੈਨੇਂਦਰ ਚੌਹਾਨ, ਰਣਜੀਤ ਗੌਰਵ, ਮੰਗਤ ਕੁਲਜਿੰਦ, ਦਵੀ ਸਿੱਧੂ, ਅੰਮ੍ਰਿਤਪਾਲ ਕਲੇਰ, ਕੁਲਦੀਪ ਬੰਗੀ ਅਤੇ ਸਨੇਹ ਲਤਾ ਗੋਸਵਾਮੀ ਆਦਿ ਸਿਰਮੌਰ ਸ਼ਾਇਰਾਂ ਨੇ ਸ਼ਰਿਕਤ ਕੀਤੀ।ਅੰਤ ਵਿੱਚ ਸਰਕਾਰੀ ਰਜਿੰਦਰਾ ਕਾਲਜ ਦੇ ਪ੍ਰਿੰਸੀਪਲ ਡਾ.ਜਯੋਤਸਨਾ ਸਿੰਗਲਾ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।ਇਸ ਮੌਕੇ ਖੋਜ ਅਫ਼ਸਰ ਨਵਪ੍ਰੀਤ ਸਿੰਘ, ਆਰ.ਪੀ.ਸੀ. ਕਾਲਜ ਬਹਿਮਣ ਦੀਵਾਨਾ ਦੇ ਪ੍ਰਿੰਸੀਪਲ ਸ਼੍ਰੀ ਜਸਵਿੰਦਰ ਸਿੰਘ, ਪ੍ਰੋ. ਸੰਦੀਪ ਸਿੰਘ, ਆਲੋਚਕ ਗੁਰਦੇਵ ਖੋਖਰ, ਸ਼ਾਇਰ ਸੁਖਦਰਸ਼ਨ ਗਰਗ, ਸ਼ਾਇਰ ਸੇਵਕ ਸ਼ਮੀਰੀਆ, ਜ਼ਿਲ੍ਹਾ ਭਾਸ਼ਾ ਵਿਭਾਗ ਦਾ ਸਮੂਹ ਸਟਾਫ਼, ਆਲੋਚਕ ਰਾਜਪਾਲ ਸਿੰਘ ਤੋਂ ਇਲਾਵਾ ਕਾਲਜ ਦੇ ਪੰਜਾਬੀ, ਹਿੰਦੀ ਤੇ ਅੰਗਰੇਜ਼ੀ ਵਿਭਾਗ ਦਾ ਸਟਾਫ਼ ਅਤੇ ਵਿਦਿਆਰਥੀ ਮੌਜੂਦ ਸਨ।






# ਗੁਰਦੁਆਰਾ ਕੀਰਤਨਪੁਰਾ ਸਾਹਿਬ ਵਿਖੇ 5ਵਾਂ ਸਲਾਨਾ ਇਕੋਤਰੀ ਤੇ ਗੁਰਮਤਿ ਸਮਾਗਮ ਕਰਵਾਇਆ



ਤਲਵੰਡੀ ਸਾਬੋ, 01 ਫਰਵਰੀ (ਗੁਰਜੰਟ ਸਿੰਘ ਨਥੇਹਾ)- ਨੇੜਲੇ ਪਿੰਡ ਸ਼ੇਖਪੁਰਾ ਦੇ ਗੁਰਦੁਆਰਾ ਕੀਰਤਨਪੁਰਾ ਸਾਹਿਬ ਵਿਖੇ ਹਰ ਸਾਲ ਦੀ ਤਰਾਂ ਇਸ ਵਾਰ ਵੀ ਮਹਾਨ ਇਕੋਤਰੀ ਤੇ ਗੁਰਮਤਿ ਸਮਾਗਮ ਕਰਵਾਏ ਗਏ। ਇਹ ਸਾਲਾਨਾ ਧਾਰਮਿਕ ਸਮਾਗਮ ਅਸਥਾਨ ਦੇ ਮੁੱਖ ਸੇਵਾਦਾਰ ਜਥੇਦਾਰ ਬਾਬਾ ਅਜੀਤ ਸਿੰਘ ਜੀ ਦੀ ਪ੍ਰੇਰਨਾ ਸਦਕਾ ਜਥੇਦਾਰ ਬਾਬਾ ਅਜਾਇਬ ਸਿੰਘ, ਅਸਥਾਨ ਨਾਲ ਜੁੜੀਆਂ ਸਮੁੱਚੀਆਂ ਸਿੱਖ ਸੰਗਤਾਂ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਏ ਜਾਂਦੇ ਹਨ। ਅੱਜ ਗੁਰਦੁਆਰਾ ਕੀਰਤਨਪੁਰਾ ਸਾਹਿਬ ਵਿਖੇ ਸਿੱਖ ਸੰਗਤਾਂ ਤੇ ਸ਼ਰਧਾਲੂਆਂ ਵਲੋਂ ਪਿਛਲੇ ਸਾਲ ਤੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਸਮੇਤ ਜਪੁਜੀ ਸਾਹਿਬ ਦੇ ਚਲ ਰਹੀ ਲੜੀ ਦੇ ਇਕ ਸੌ ਇਕ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਅਖੰਡ ਪਾਠ ਸਾਹਿਬਾਂ ਦੀ ਅਰਦਾਸ ਬੇਨਤੀ ਜਥੇਦਾਰ ਅਜਾਇਬ ਸਿੰਘ ਜੀ ਨੇ ਕੀਤੀ। ਉਪਰੰਤ ਹੁਕਮਨਾਮਾ ਸਾਹਿਬ ਦੀ ਕਥਾ ਵਖਿਆਨ ਬੁੰਗਾ ਮਸਤੂਆਣਾ ਸਾਹਿਬ ਦੇ ਗਿਆਨੀ ਭੋਲਾ ਸਿੰਘ ਨੇ ਕੀਤੀ। ਬਾਬਾ ਨਛੱਤਰ ਸਿੰਘ ਕੱਲਰ ਭੈਣੀ, ਬਾਬਾ ਧਰਮਵੀਰ ਸਿੰਘ ਘਰਾਂਗਣੇ ਵਾਲੇ, ਬਾਬਾ ਹਰਜੀਤ ਸਿੰਘ, ਭਾਈ ਬਲਜਿੰਦਰ ਸਿੰਘ ਜਨਮ ਅਸਥਾਨ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਰੋਡੇ, ਭਾਈ ਕਰਮਵੀਰ ਸਿੰਘ ਦਮਦਮੀ ਟਕਸਾਲ, ਭਾਈ ਬਲਜੀਤ ਸਿੰਘ ਗਿੱਲਪੱਤੀ, ਬਾਬਾ ਪ੍ਰੀਤਮ ਸਿੰਘ ਮੱਲੜੀ, ਭਾਈ ਜਸਵਿੰਦਰ ਸਿੰਘ ਜੱਸਾ ਜਗਾ ਰਾਮ ਤੀਰਥ ਆਦਿ ਨੇ ਸਬਦ ਕੀਰਤਨ ਕਥਾ ਤੇ ਕਵੀਸ਼ਰੀ ਸੁਣਾ ਕੇ ਨਿਹਾਲ ਕੀਤਾ। ਇਹਨਾਂ ਸਮਾਗਮਾਂ ਵਿੱਚ ਬੁੱਢਾ ਦਲ ਮੁਖੀ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ ਵੱਲੋਂ ਲਿਖਾਰੀ ਭਾਈ ਮਾਨ ਸਿੰਘ, ਕੈਬਨਿਟ ਰੈਂਕ ਪ੍ਰਾਪਤ ਮੰਤਰੀ ਬੀਬਾ ਬਲਜਿੰਦਰ ਕੌਰ, ਸੁਖਵੀਰ ਸਿੰਘ ਮਾਈਸਰਖਾਨਾ ਵਿਧਾਇਕ ਮੌੜ ਮੰਡੀ ਵਿਸੇਸ਼ ਤੌਰ 'ਤੇ ਪਹੁੰਚੇ। ਸੰਤ ਬਾਬਾ ਅਜੀਤ ਸਿੰਘ ਜੀ ਤੇ ਜਥੇਦਾਰ ਅਜਾਇਬ ਸਿੰਘ ਨੇ ਆਏ ਹੋਏ ਸਮੂਹ ਸੰਤ ਮਹਾਂਪੁਰਸ਼ਾਂ, ਜਥੇਦਾਰਾਂ, ਕਥਾਵਾਚਕਾਂ, ਰਾਜਨੀਤਿਕ ਆਗੂਆਂ ਤੇ ਸ੍ਰੀ ਅਖੰਡ ਪਾਠ ਸਾਹਿਬ ਕਰਵਾਉਣ ਵਾਲੇ ਪਰਿਵਾਰਾਂ ਨੂੰ ਲੋਈਆਂ ਤੇ ਸਿਰਪਾਓ ਦੇ ਕੇ ਸਨਮਾਨਿਤ ਕੀਤਾ।ਇਹਨਾਂ ਮਹਾਨ ਸਮਾਗਮਾਂ ਵਿੱਚ ਜਥੇਦਾਰ ਗੁਰਤੇਜ ਸਿੰਘ ਜੋਧਪੁਰ ਪਾਖਰ, ਜਥੇਦਾਰ ਬਲਦੇਵ ਸਿੰਘ, ਬਾਬਾ ਮੇਜਰ ਸਿੰਘ ਬਾਬਾ ਕੁੰਦਨ ਸਿੰਘ ਗੁਰਦੁਆਰਾ ਦੇਸੂ ਸਹੀਦਾਂ, ਜਥੇਦਾਰ ਰਾਜ ਸਿੰਘ ਸੰਗੂਆਣਾ ਸਾਹਿਬ, ਬਾਬਾ ਸ਼ੇਰ ਸਿੰਘ ਬੁੱਢਾ ਦਲ, ਬਾਬਾ ਭੋਲਾ ਸਿੰਘ ਨਿਹੰਗ ਸਿੰਘ ਦਮਦਮਾ ਸਾਹਿਬ, ਭਾਈ ਦਰਸ਼ਨ ਸਿੰਘ ਜਗਾ ਆਦਿ ਹਾਜ਼ਰ ਹੋਏ। ਸਮਾਗਮਾਂ ਵਿੱਚ ਆਈਆਂ ਹੋਈਆਂ ਸਿੱਖ ਸੰਗਤਾਂ ਲਈ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ।











ਸੰਤ ਜਰਨੈਲ ਸਿੰਘ
ਖ਼ਾਲਸਾ
ਭਿੰਡਰਾਂਵਾਲਿਆਂ ਦੇ
ਅਤਿ ਨਜ਼ਦੀਕੀ,
ਸਿੱਖ ਸਟੂਡੈਂਟਸ
ਫ਼ੈਡਰੇਸ਼ਨ ਦੇ
ਰੂਹੇ ਰਵਾਂ,
ਆਵਾਜ਼ਿ ਕੌਮ
AWAZE QAUM
International Newspaper & WEB TV
ਰੌਸ਼ਨ ਦਿਮਾਗ ਸ਼ਖਸੀਅਤ
ਸ਼ਹੀਦ ਭਾਈ ਹਰਮਿੰਦਰ ਸਿੰਘ ਸੰਧੂ
ਦੀ ਯਾਦ ਨੂੰ ਸਮਰਪਿਤ
ਮਹਾਨ ਪੰਥਕ ਸਮਾਗਮ
ਸ਼ਨੀਵਾਰ, 3 ਫ਼ਰਵਰੀ 2024
ਪਿੰਡ ਮਟੀਆ, ਤਹਿਸੀਲ ਅਜਨਾਲਾ
ਜ਼ਿਲ੍ਹਾ ਅੰਮ੍ਰਿਤਸਰ ਵਿਖੇ ਹੋਵੇਗਾ
ਸ਼ਹੀਦ ਸਿੰਘਾਂ ਦੇ ਪਰਿਵਾਰਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ
ਬੇਨਤੀ ਕਰਤਾ : ਸ: ਪ੍ਰਿਤਪਾਲ ਸਿੰਘ, ਸ: ਬਲਜੀਤ ਸਿੰਘ ਖਾਲਸਾ, ਡਾ. ਭਗਵਾਨ ਸਿੰਘ, ਸ: ਜਸਵੰਤ ਸਿੰਘ ਰੋੜੇ,
ਸ: ਰਣਜੀਤ ਸਿੰਘ ਰਾਣਾ, ਸ: ਪ੍ਰੀਤਮ ਸਿੰਘ ਜੋਗਾਨੰਗਲ, ਸ: ਤਜਿੰਦਰਪਾਲ ਸਿੰਘ ਟਿੰਮਾ, ਸ: ਵਿਜੈਪਾਲ ਸਿੰਘ,
ਬਾਬਾ ਭਗਵਾਨ ਸਿੰਘ ਕਾਰ ਸੇਵਾ, ਸ: ਬਲਬੀਰ ਸਿੰਘ ਯੂ.ਐਸ.ਏ. ਸ: ਕੁਲਜੀਤ ਸਿੰਘ ਢਿੱਲੋਂ,
ਸ: ਸਰਬਜੀਤ ਸਿੰਘ ਦਿੱਲੀ, ਸ: ਹਰਮਿੰਦਰਪਾਲ ਸਿੰਘ, ਸ: ਮਹੇਸ਼ਇੰਦਰ ਸਿੰਘ ਗੁਲਾਬਗੜ੍ਹ, ਸ: ਜਰਨੈਲ ਸਿੰਘ,
ਸ: ਅਮਨਦੀਪ ਸਿੰਘ ਔਲੇ, ਸ: ਪ੍ਰਭਪ੍ਰੀਤ ਸਿੰਘ, ਸ: ਪਰਮਿੰਦਰ ਸਿੰਘ ਪਾਂਗਲੀ, ਸ: ਭਗਤ ਸਿੰਘ,
ਸ: ਜਗਰੂਪ ਸਿੰਘ ਸੰਧੂ, ਸ: ਮਨਜੀਤ ਸਿੰਘ, ਸ: ਮਨਜਿੰਦਰਪਾਲ ਸਿੰਘ ਰੋੜੇ,
ਸ: ਅਮਰਜੀਤ ਸਿੰਘ ਖਾਲਿਸਤਾਨੀ, ਸ: ਕੁਲਵਿੰਦਰ ਸਿੰਘ ਚਾਹਲ, ਸ: ਹਰਦੀਪ ਸਿੰਘ ਲੋਹਾਖੇੜ੍ਹਾ
ਸੰਪਰਕ ਨੰਬਰ : 92565 55555, 98140 52435

ਦੇਗ ਤੇਗ ਫਤਹਿ॥ ਸ੍ਰੀ ਵਾਹਿਗੁਰੂ ਜੀ ਕੀ ਫਤਹਿ॥ ਪੰਥ ਕੀ ਜੀਤ॥

## ਧੰਨ-ਧੰਨ 108
# ਸ੍ਰੀ ਨਾਭ ਕੰਵਲ ਰਾਜਾ ਸਾਹਿਬ ਜੀ ਦਾ ਜਨਮ ਦਿਹਾੜਾ
# ਮਿਤੀ 16, 17, 18 ਫ਼ਰਵਰੀ 2024 ਨੂੰ

ਗੁਰਦਵਾਰਾ ਸਾਹਿਬ ਬਾਬਾ ਸੰਗ ਜੀ ਸਮੈਦਿਕ (ਬਰਮਿੰਘਮ) ਵਿਖੇ ਮਨਾਇਆ ਜਾ ਰਿਹਾ ਹੈ।



## ਵਿਸ਼ੇਸ਼ ਪ੍ਰੋਗਰਾਮ:

16-2-2024 ਦਿਨ ਸ਼ੁਕਰਵਾਰ
ਅਰੰਭ ਦੋ ਸ੍ਰੀ ਅਖੰਡ ਪਾਠ ਸਾਹਿਬ ਜੀ 11 ਵਜੇ ਸਵੇਰੇ।
18-2-2024 ਦਿਨ ਐਤਵਾਰ
ਭੋਗ ਸ੍ਰੀ ਅਖੰਡ ਪਾਠ ਸਾਹਿਬ ਜੀ 10 ਵਜੇ ਸਵੇਰੇ।

16-17 ਫ਼ਰਵਰੀ ਨੂੰ 7 ਤੋਂ 8 ਵਜੇ ਤਕ ਸ਼ਾਮ ਦੇ ਦੀਵਾਨ ਸਜਣਗੇ
ਭੋਗ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ ਜਿਸ ਵਿਚ ਬੁਲਾਰੇ ਅਤੇ ਹੋਰ ਗੁਣੀ ਗਿਆਨੀ ਸੰਗਤਾਂ ਨੂੰ ਵਾਰਾਂ ਰਾਹੀਂ ਨਿਹਾਲ ਕਰਨਗੇ।
ਇਸ ਮੌਕੇ ਗੁਰੂ ਕਾ ਲੰਗਰ ਤਿੰਨੋ ਦਿਨ ਅਤੁੱਟ ਵਰਤੇਗਾ।
ਸਮੂਹ ਸੰਗਤ ਜੀ ਦੇ ਚਰਨਾਂ ਵਿਚ ਬੇਨਤੀ ਹੈ ਕਿ ਇਸ ਧਾਰਮਿਕ ਸਮਾਗਮ ਵਿਚ ਹੁੰਮ ਹੁੰਮਾ ਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**ਵਲੋਂ:-** ਸਮੂਹ ਸੰਗਤ ਅਤੇ ਨਗਰ ਨਿਵਾਸੀ ਪਿੰਡ ਬੱਲੋਵਾਲ (ਸ਼ਹੀਦ ਭਗਤ ਸਿੰਘ ਨਗਰ) ਅਤੇ ਗੁਰਦਵਾਰਾ ਬਾਬਾ ਸੰਗ ਜੀ ਸਮੈਦਿਕ (ਬਰਮਿੰਘਮ) ਦੀ ਪ੍ਰਬੰਧਕ ਕਮੇਟੀ।

# Gurdwara Baba Sang Ji

7-9 St. Pauls Road, Smethwick, Birmingham, West Midlands B66 1EE Tel: 0121 558 2681




# ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਚਕਰ ਦੇ ਮਾਤਾ ਮਹਿੰਦਰ ਕੌਰ ਜੀ ਚੀਮਾ ਦੇ ਅਕਾਲ ਚਲਾਣੇ ਤੇ ਦੁੱਖ ਦਾ ਪ੍ਰਗਟਾਵਾ





ਆਵਾਜ਼ਿ ਕੌਮ AWAZE QAUM International Newspaper & WEB TV

ਜਗਰਾਉਂ – (ਵਰਿਆਮ ਹਠੂਰ) ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਜੀ ਚਕਰ ਜਿੰਨ੍ਹਾਂ ਦੇ ਸਤਿਕਾਰਯੋਗ ਮਾਤਾ ਮਹਿੰਦਰ ਕੌਰ ਜੀ ਚੀਮਾ ਜ਼ੋ ਬੀਤੇ ਦਿਨੀਂ ਆਪਣੇ ਸੁਆਸਾਂ ਦੀ ਪੂੰਜੀ ਅਤੇ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਅਕਾਲ ਚਲਾਣਾ ਕਰ ਗਏ ਸਨ ਉਨ੍ਹਾਂ ਦੇ ਅਕਾਲ ਚਲਾਣੇ ਤੇ ਜਿੱਥੇ ਨਗਰ ਦੇ ਲੋਕਾਂ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਉੱਥੇ ਇੰਟਰਨੈਸ਼ਨਲ ਪੰਥਕ ਦਲ ਦੇ ਸਮੂਹ ਅਹੁਦੇਦਾਰਾਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ, ਇਸ ਤੋਂ ਇਲਾਵਾ ਵੱਖ ਵੱਖ ਪਰਿਵਾਰ ਨਾਲ ਨੇੜਤਾ ਅਤੇ ਪਿਆਰ ਸਤਿਕਾਰ ਰੱਖਣ ਵਾਲਿਆਂ ਦਾ ਵੀ ਰੋਜ਼ਾਨਾ ਪਰਿਵਾਰ ਨਾਲ ਦੁੱਖ ਦੀਆਂ ਘੜੀਆਂ ਵਿੱਚ ਦੁੱਖ ਵੰਡਾਇਆ ਜਾ ਰਿਹਾ ਹੈ। ਅੱਜ ਨੰਬਰਦਾਰ ਰਣਜੀਤ ਸਿੰਘ ਸੰਧੂ, ਨਿਸ਼ਾਨ ਸਿੰਘ ਬਾਠ, ਗੁਰਪ੍ਰੀਤ ਸਿੰਘ ਗੁਰ USA, ਬਲਵੀਰ ਸਿੰਘ ਚਕਰ, ਪੱਤਰਕਾਰ ਸਰਬਜੀਤ ਸਿੰਘ ਭੱਟੀ, ਸੂਬੇਦਾਰ ਗੁਰਨਾਮ ਸਿੰਘ ਸੰਧੂ, ਹਰਭਜਨ ਸਿੰਘ ਸੰਧੂ, ਸਮੇਤ ਹੋਰ ਦੂਰੋਂ ਨੇੜਿਉਂ ਬੀਬੀਆਂ ਭੈਣਾਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ, ਤੇ ਮਾਤਾ ਮਹਿੰਦਰ ਕੌਰ ਜੀ ਚੀਮਾ ਦੇ ਅਕਾਲ ਚਲਾਣੇ ਤੇ ਪਰਿਵਾਰ ਨੂੰ ਕਦੇ ਵੀ ਨਾਂ ਪੂਰਾ ਹੋਣ ਵਾਲਾ ਘਾਟਾ ਦੱਸਿਆ, ਗੱਲਬਾਤ ਕਰਦਿਆਂ ਸੂਬੇਦਾਰ ਗੁਰਨਾਮ ਸਿੰਘ ਸੰਧੂ, ਸ: ਹਰਭਜਨ ਸਿੰਘ ਸੰਧੂ, ਪੱਤਰਕਾਰ ਸਰਬਜੀਤ ਸਿੰਘ ਨੇ ਕਿਹਾ ਕਿ ਪਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਪਰਮਾਤਮਾ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਸਥਾਨ ਬਖ਼ਸ਼ੇ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।

### ਸ੍ਰੀ ਹਰਿਮੰਦਰ ਸਾਹਿਬ ਤਰਨਤਾਰਨ ਸਾਹਿਬ ਵਿਖੇ

# ਦਰਸ਼ਨ ਦੀਦਾਰੇ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ







(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਸ਼ਹੀਦਾ ਦੇ ਸਿਰਤਾਜ ਅਤੇ ਸ਼ਾਂਤੀ ਦੇ ਪੁੰਜ ਧੰਨ ਧੰਨ ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਅਸਥਾਨ ਸ੍ਰੀ ਹਰਿਮੰਦਰ ਸਾਹਿਬ ਤਰਨਤਾਰਨ ਸਾਹਿਬ ਵਿਖੇ ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲੇ ਅਸਟਰੀਆ ਯੂਰਪ ਦੀ ਧਰਤੀ ਤੋਂ ਪੰਜਾਬ ਪਹੁੰਚਣ ਤੇ ਤਰਨਤਾਰਨ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਏ ਨਾਲ ਹੀ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ ਚੀਫ ਐਡਵਾਈਜ਼ਰ ਪੰਜਾਬ ਅਤੇ ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜਿਲਾ ਪ੍ਰਧਾਨ ਤਰਨਤਾਰਨ ਹੁਰਾਂ ਨੂੰ ਦਰਸ਼ਨ ਦੀਦਾਰੇ ਕਰਨ ਦਾ ਸੁਭਾਗ ਸਮਾਂ ਪ੍ਰਾਪਤ ਹੋਇਆ। ਇੰਟਰਨੈਸ਼ਨਲ ਪੰਥਕ ਦਲ ਜਥੇਬੰਦੀ ਦੀ ਚੜ੍ਹਦੀਕਲਾ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ।

### ਭਾਨੇ ਸਿੱਧੂ ਦੇ ਹੱਕ ਵਿੱਚ ਜਾਂਦੇ

# ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਆਗੂ ਸਰਕਾਰ ਨੇ ਕੀਤੇ ਗ੍ਰਿਫ਼ਤਾਰ



ਧੂਰੀ ( ਰਣਜੀਤ ਸਿੰਘ ਪੇਧਨੀ ) ਪਿਛਲੇ ਕਈ ਦਿਨਾਂ ਤੋਂ ਵੱਖ-ਵੱਖ ਕੇਸਾਂ ਵਿੱਚ ਬੰਦ ਨੌਜਵਾਨ ਆਗੂ ਭਾਨਾ ਸਿੱਧੂ ਦੇ ਹੱਕ ਵਿੱਚ ਵੱਖ ਵੱਖ ਜਥੇਬੰਦੀਆਂ ਵੱਲੋਂ ਉਹਨਾਂ ਦੇ ਪਿੰਡ ਵੱਡਾ ਇਕੱਠ ਕਰਕੇ ਸਰਕਾਰ ਨੂੰ ਚੇਤਾਵਨੀ ਦਿੱਤੀ ਸੀ ਕਿ ਜੇਕਰ ਸਰਕਾਰ ਨੇ ਭਾਨਾ ਸਿੱਧੂ ਤੇ ਪਾਏ ਜਾ ਰਹੇ ਝੂਠੇ ਕੇਸਾਂ ਵਿੱਚੋਂ ਰਿਹਾਅ ਨਾ ਕੀਤਾ ਤਾਂ ਸਰਕਾਰ ਦੇ ਖਿਲਾਫ ਵੱਡਾ ਸੰਘਰਸ਼ ਉਲੀਕਿਆ ਜਾਵੇਗਾ। ਇਸੇ ਹੀ ਤਹਿਤ ਸੰਗਰੂਰ ਤੋਂ ਮੈਂਬਰ ਪਾਰਲੀਮੈਂਟ ਸ, ਸਿਮਰਨਜੀਤ ਸਿੰਘ ਮਾਨ ਵੱਲੋਂ ਇਕ ਤਰੀਕ ਨੂੰ ਧੂਰੀ ਦੋਹਲਾ ਫਾਟਕ ਤੇ ਵੱਡਾ ਇਕੱਠ ਕਰਨ ਦੀ ਕਾਲ ਦਿੱਤੀ ਗਈ ਸੀ। ਜਿਸ ਵਿੱਚ ਸਰਕਾਰ ਨੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਵਰਕਰਾਂ ਤੇ ਅਹੁਦੇਦਾਰਾਂ ਨੂੰ ਦੋਹਲੇ ਵਾਲੇ ਫਾਟਕਾਂ ਤੇ ਜਾਣ ਤੋਂ ਪਹਿਲਾਂ ਪਹਿਲਾਂ ਹੀ ਗ੍ਰਿਫਤਾਰ ਕਰਕੇ ਵੱਖ ਵੱਖ ਥਾਣਿਆਂ ਵਿੱਚ ਭੇਜ ਦਿੱਤਾ ਗਿਆ। ਸਾਥੀਆਂ ਸਮੇਤ ਧੂਰੀ ਜਾਣ ਸਮੇਂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ, ਬਾਬਾ ਹਰਬੰਸ ਸਿੰਘ ਜੈਨਪੁਰ, ਸਾਧੂ ਸਿੰਘ ਪੇਧਨੀ, ਅਮਰਜੀਤ ਸਿੰਘ ਬਾਦਸ਼ਾਹਪੁਰ, ਵਾਸਵੀਰ ਸਿੰਘ ਭੁੱਲਰ ਰਾਜੋਮਾਜਰਾ, ਅਮਰੀਕ ਸਿੰਘ ਕਿਲਾ ਹਕੀਮਾ, ਜਸਬੀਰ ਸਿੰਘ ਧੰਦੀਵਾਲ, ਗੁਰਪ੍ਰੀਤ ਸਿੰਘ ਮਲੋਵਾਲ ਆਦਿ ਆਗੂਆਂ ਨੇ ਧੂਰੀ ਜਾਣ ਸਮੇਂ ਬੀਬੀਆਂ ਭੈਣਾਂ ਸਮੇਤ ਗਿਰਫਤਾਰੀ ਕੀਤਾ ਗਿਆ। ਮੌਕੇ ਗਿਰਫਤਾਰ ਆਗੂਆਂ ਨੇ ਕਿਹਾ ਇਹ ਸਰਕਾਰ ਦਾ ਸਰਾਸਰ ਧੱਕਾ ਹੈ ਅਤੇ ਲੋਕਤੰਤਰ ਦਾ ਘਾਣ ਹੈ, ਆਉਣ ਵਾਲੇ ਦਿਨਾਂ ਵਿੱਚ ਭਾਨੇ ਸਿੱਧੂ ਦੇ ਹੱਕ ਵਿੱਚ ਵੱਡਾ ਸੰਘਰਸ਼ ਉਲੀਕਿਆ ਜਾਵੇਗਾ ਜਿਸ ਨੂੰ ਬਿਨਾਂ ਜਮਾਨਤ ਤੋਂ ਰਿਹਾ ਕਰਵਾ ਕੇ ਲਿਆਂਦਾ ਜਾਵੇਗਾ।

# ਐਸ.ਓ.ਐਫ ਓਲੰਪੀਅਡ ਵਿੱਚੋਂ ਰਿਆੜਕੀ ਪਬਲਿਕ ਸਕੂਲ ਦੇ ਵਿਦਿਆਰਥੀਆਂ ਜਿੱਤੇ 15 ਮੈਡਲ

**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 1 ਫਰਵਰੀ ਕੁਲਜੀਤ ਸਿੰਘ ਖੋਖਰ** -ਗੁਰਦਾਸਪੁਰ ਜ਼ਲ੍ਹਿੇ ਦੀ ਮਾਣਮੱਤੀ ਸੰਸਥਾ ਬਾਬਾ ਆਇਆ ਸਿੰਘ ਰਿਆੜਕੀ ਪਬਲਿਕ ਸਕੂਲ ਜੋ ਕਿ ਆਪਣੇ ਵਿਦਿਆਰਥੀਆਂ ਦੀ ਵਿਦਿਅਕ, ਧਾਰਮਿਕ ਅਤੇ ਖੇਡਾਂ ਦੇ ਖੇਤਰ ਵਿੱਚ ਵਧੀਆ ਕਾਰਗੁਜ਼ਾਰੀ ਕਰਨ ਦੇ ਨਾਲ ਨਾਲ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਤੇ ਹੋਣ ਵਾਲੀਆਂ ਪ੍ਰਤਿਯੋਗੀ ਪ੍ਰੀਖਿਆਵਾਂ ਵਿੱਚ ਵੀ ਮੋਹਰੀ ਬਣਾਉਣ ਦਾ ਹਰ ਹੁੰਦਾ ਯਤਨ ਕਰ ਰਹੀ ਹੈ। ਇਸੇ ਆਸ਼ੇ ਤਹਿਤ ਅੰਤਰਰਾਸ਼ਟਰੀ ਪੱਧਰ ਦੀ ਸੰਸਥਾ ਸਾਇੰਸ ਓਲੰਪੀਅਡ ਫਾਊਂਡੇਸ਼ਨ (SOF) ਵੱਲੋਂ ਕਰਵਾਈ ਜਨਰਲ ਨੌਲੇਜ ਪ੍ਰਤਿਯੋਗੀ ਪ੍ਰੀਖਿਆਵਾਂ ਵਿੱਚੋਂ ਸੰਸਥਾ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਮੁਕਾਮ ਹਾਸਲ ਕਰਕੇ ਆਪਣੀ ਸੰਸਥਾ ਦਾ ਨਾਮ ਰੌਸ਼ਨ ਕੀਤਾ ਹੈ। ਸੰਸਥਾ ਦੇ ਛੇ ਵਿਦਿਆਰਥੀਆਂ ਨੇ ਮੈਡਲ ਆਫ ਡਿਸਟਿੰਕਸ਼ਨ, ਸਰਟੀਫਿਕੇਟ ਆਫ ਡਿਸਟਸ਼ਨ ਅਤੇ ਜਨਰਲ ਐਕਸੀਲੈਂਸ ਸਰਟੀਫਿਕੇਟ ਪ੍ਰਾਪਤ ਕੀਤੇ। ਚਾਰ ਵਿਦਿਆਰਥੀਆਂ ਨੇ ਗੋਲਡ ਮੈਡਲ ਆਫ ਐਕਸੀਲੈਂਸ, ਦੋ ਵਿਦਿਆਰਥੀ ਸਿਲਵਰ ਮੈਡਲ, ਸਰਟੀਫਿਕੇਟ ਆਫ ਐਕਸੀਲੈਂਸ, ਮੈਡਲ ਆਫ ਡਿਸਟਿੰਕਸ਼ਨ ਪ੍ਰਾਪਤ ਕੀਤੀ। ਇਹਨਾਂ ਪ੍ਰੀਖਿਆਵਾਂ ਵਿੱਚੋਂ ਮੋਹਿਤਬੀਰ ਸਿੰਘ, ਪਰਮਪ੍ਰੀਤ ਸਿੰਘ, ਸੁਖਮਨਪ੍ਰੀਤ ਕੌਰ, ਸੁਖਨਾਜਪ੍ਰੀਤ ਕੌਰ, ਗੁਰਕੀਰਤ ਸਿੰਘ, ਜੰਨਤਪ੍ਰੀਤ ਕੌਰ, ਐਸ਼ਪ੍ਰੀਤ ਕੌਰ, ਸੁਖਨੀਤ ਪ੍ਰੀਤ ਕੌਰ, ਹਰਲੀਨ ਕੌਰ, ਗੁਰਲੀਨ ਕੌਰ, ਨਵਤੇਜ ਪ੍ਰੀਤ ਸਿੰਘ, ਗੁਰਵਿੰਦਰ ਸਿੰਘ, ਮਨਜਿੰਦਰ ਸਿੰਘ ਨੇ ਗੋਲਡ ਮੈਡਲ ਆਫ ਡਿਸਟਸ਼ਨ ਅਤੇ ਸੁਖਨਾਜ ਕੌਰ, ਮੁਸਕਾਨ ਪ੍ਰੀਤ ਕੌਰ, ਗੁਰਲੀਨ ਕੌਰ, ਪਲਵੀ ਕਾਲੀਆ ਅਤੇ ਅਨਾਹਦ ਸਿੰਘ ਨੇ ਵੀ ਪੁਜੀਸ਼ਨਾਂ ਹਾਸਿਲ ਕਰਕੇ ਆਪਣੇ ਸਕੂਲ ਅਤੇ ਆਪਣੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ ਹੈ। ਸੰਸਥਾ ਦੇ ਮੁੱਖ ਪ੍ਰਬੰਧਕ ਸਰਦਾਰ ਗਗਨਦੀਪ ਸਿੰਘ ਵਿਰਕ ਜੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸੰਸਥਾ ਵਿੱਚ ਪ੍ਰਤਿਯੋਗਿਤਾਵਾਂ ਕਰਵਾਉਣ ਦਾ ਮੁੱਖ ਮੰਤਵ ਵਿਦਿਆਰਥੀਆਂ ਨੂੰ ਅਜੋਕੇ ਕੰਪੀਟੀਸ਼ਨ ਯੁਗ ਵਿੱਚ ਸਮੇਂ ਦੇ ਹਾਣੀ ਬਣਾਉਣਾ ਹੈ ਤਾਂ ਜੋ ਉਹ ਔਖੇ ਤੋਂ ਔਖੇ ਇਮਤਿਹਾਨਾਂ ਵਿੱਚ ਹਿੱਸਾ ਲੈ ਕੇ, ਸਖਤ ਮਿਹਨਤ ਕਰਦੇ ਹੋਏ ਆਪਣੇ ਮਿੱਥੇ ਹੋਏ ਟੀਚੇ ਨੂੰ ਪ੍ਰਾਪਤ ਕਰ ਸਕਣ। ਮੈਡਮ ਮਨਪ੍ਰੀਤ ਕੌਰ ਵਿਰਕ ਨੇ ਪ੍ਰਤਿਯੋਗਿਤਾ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਕੰਪੀਟੀਸ਼ਨ ਵਿਦਿਆਰਥੀਆਂ ਵਿੱਚ ਆਤਮ ਵਿਸ਼ਵਾਸ ਅਤੇ ਹੌਸਲਾ ਭਰਨ ਲਈ ਪ੍ਰੇਰਣਾਦਾਇਕ ਸਾਬਿਤ ਹੋਇਆ ਹੈ ਅਤੇ ਉਨਾਂ ਨੇ ਨਾਲ ਦੀ ਨਾਲ ਇਸ ਪ੍ਰੀਖਿਆ ਦੇ ਅਗਲੇ ਲੈਵਲ ਤੇ ਪਹੁੰਚਣ ਵਾਲੇ ਵਿਦਿਆਰਥੀਆਂ ਨੂੰ ਹੋਰ ਮਿਹਨਤ ਕਰਨ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਪ੍ਰਿੰ. ਮੈਡਮ ਇੰਦਰਜੀਤ ਕੌਰ ਸੈਣੀ, ਕੋਆਰਡੀਨੇਟਰ ਹਰਕਿੰਦਰਬੀਰ ਸਿੰਘ ਬੋਪਾਰਾਏ, ਕੋਆਰਡੀਨੇਟਰ ਸੁਖਦੀਪ ਕੌਰ ਅਤੇ ਕੋਆਰਡੀਨੇਟਰ ਸੁਮਨਦੀਪ ਕੌਰ ਵੀ ਹਾਜ਼ਰ ਸਨ।



# ਸੁਖਬੀਰ ਬਾਦਲ ਨੇ ਪੰਜਾਬ ਬਚਾਓ ਨਹੀ ਪਰਿਵਾਰ ਬਚਾਓ ਯਾਤਰਾ ਸ਼ੁਰੂ ਕੀਤੀ: ਬੀਬੀ ਪਰਮਜੀਤ ਕੌਰ ਗੁਲਸ਼ਨ



**ਚੰਡੀਗੜ੍ਹ, 1 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ (ਸੰਯੁਕਤ) ਇਸਤਰੀ ਵਿੰਗ ਦੇ ਸਰਪ੍ਰਸਤ ਤੇ ਸਾਬਕਾ ਮੈਂਬਰ ਪਾਰਲੀਮੈਂਟ ਬੀਬੀ ਪਰਮਜੀਤ ਕੌਰ ਗੁਲਸ਼ਨ ਨੇ ਕਿਹਾ ਹੈ ਕਿ ਬਾਦਲ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋ ਸ਼ੁਰੂ ਕੀਤੀ ਗਈ ਪੰਜਾਬ ਬਚਾਓ ਯਾਤਰਾ ਮਹਿਜ਼ ਇਕ ਡਰਾਮਾ ਹੈ।

ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਜਿੱਥੇ ਖੁਦ ਦੋ ਵਾਰ ਡਿਪਟੀ ਮੁੱਖ ਮੰਤਰੀ ਰਹੇ, ਉਥੇ ਹੀ ਉਨ੍ਹਾਂ ਦੇ ਪਿਤਾ ਸ. ਪ੍ਰਕਾਸ਼ ਸਿੰਘ ਬਾਦਲ ਪੰਜ ਵਾਰ ਪੰਜਾਬ ਦੇ ਮੁੱਖ ਮੰਤਰੀ ਰਹੇ। ਇਸ ਦੇ ਨਾਲ ਹੀ ਉਨ੍ਹਾਂ ਦੀ ਪਤਨੀ ਬੀਬੀ ਹਰਸਿਮਰਤ ਕੌਰ ਬਾਦਲ ਕੇਂਦਰ ਵਿਚ ਵਜ਼ੀਰ ਰਹੀ। ਉਨ੍ਹਾਂ ਦੇ ਨੇੜਲੇ ਰਿਸ਼ਤੇਦਾਰਾਂ ਵਿਚ ਬਿਕਰਮ ਸਿੰਘ ਮਜੀਠੀਆ, ਆਦੇਸ਼ ਪ੍ਰਤਾਪ ਸਿੰਘ ਕੈਰੋਂ, ਮਨਪ੍ਰੀਤ ਸਿੰਘ ਬਾਦਲ ਤੋ ਇਲਾਵਾ ਪਰਮਿੰਦਰ ਸਿੰਘ ਸੇਖੋਂ ਵੀ ਕੈਬਿਨੇਟ ਮੰਤਰੀ ਦਾ ਦਰਜਾ ਦਿੱਤਾ ਗਿਆ। ਬੀਬੀ ਗੁਲਸ਼ਨ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਦਾ ਸਾਰਾ ਪਰਿਵਾਰ ਕੇਂਦਰ ਤੋ ਲੈਕੇ ਪੰਜਾਬ ਮੰਤਰੀਮੰਡਲ ਵਿਚ ਰਿਹਾ ਹੈ ਅਤੇ ਉਸ ਸਮੇਂ ਇਹ ਪੰਜਾਬ ਨੂੰ ਨਹੀ ਬਚਾ ਸਕੇ ਤਾਂ ਹੁਣ ਜਦੋਂ ਲੋਕਾਂ ਨੂੰ ਉਨ੍ਹਾਂ ਨੂੰ ਪੂਰੀ ਤਰ੍ਹਾਂ ਨਕਾਰ ਦਿੱਤਾ ਹੈ ਤਾਂ ਉਹ ਕਿਸ ਮੂੰਹ ਨਾਲ ਪੰਜਾਬ ਨੂੰ ਬਚਾਉਣ ਦੀ ਗੱਲਾਂ ਕੇ ਰਹੇ ਹਨ। ਬੀਬੀ ਗੁਲਸ਼ਨ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੇ ਸ਼ੁਰੂ ਤੋ ਪੰਜਾਬ ਦੀ ਬਜਾਏ ਆਪਣੇ ਪਰਿਵਾਰ ਨੂੰ ਤਰਜੀਹ ਦਿੱਤੀ ਅਤੇ ਅਕਾਲੀ ਸਰਕਾਰ ਵਿਚ ਮੰਤਰੀਮੰਡਲ ਤੋ ਲੈਕੇ ਹੋਰ ਸਿਆਸੀ ਉੱਚ ਅਹੁਦਿਆਂ ਤੇ ਸਿਰਫ ਆਪਣੇ ਰਿਸ਼ਤੇਦਾਰਾਂ ਨੂੰ ਬੈਠਾਇਆ ਅਤੇ ਸੱਤਾ ਦਾ ਅਨੰਦ ਲਿਆ। ਉਨ੍ਹਾਂ ਕਿਹਾ ਕਿ ਹੁਣ ਜਦੋਂ ਸੁਖਬੀਰ ਬਾਦਲ ਨੂੰ ਪੰਜਾਬ ਦੇ ਲੋਕ ਪੂਰੀ ਤਰ੍ਹਾਂ ਨਕਾਰ ਚੁੱਕੇ ਹਨ ਤਾਂ ਉਹ ਆਪਣੀ ਸਿਆਸੀ ਧਰਾਤਲ ਮੁੜ ਸਥਾਪਿਤ ਕਰਨ ਲਈ ਲੋਕਾਂ ਨੂੰ ਗੁੰਮਰਾਹ ਕਰਨ ਲਈ ਅਜੇਹੇ ਡਰਾਮੇ ਰਚ ਰਹੇ ਹਨ। ਬੀਬੀ ਗੁਲਸ਼ਨ ਨੇ ਕਿਹਾ ਕਿ ਅਸਲੀਅਤ ਵਿਚ ਸੁਖਬੀਰ ਸਿੰਘ ਨੇ ਇਹ ਪੰਜਾਬ ਬਚਾਓ ਨਹੀ ਸਗੋ ਪਰਿਵਾਰ ਬਚਾਓ ਯਾਤਰਾ ਸ਼ੁਰੂ ਕੀਤੀ ਹੈ। ਜਿਸ ਨਾਲ ਇਕ ਵਾਰੀ ਫਿਰ ਪੰਜਾਬ ਦੀ ਸੱਤਾ ਤੇ ਉਨ੍ਹਾਂ ਦੇ ਰਿਸ਼ਤੇਦਾਰ ਕਾਬਜ ਹੋਕੇ ਸੂਬੇ ਦੇ ਲੋਕਾਂ ਨੂੰ ਲੁੱਟ ਸਕਣ। ਉਨ੍ਹਾਂ ਕਿਹਾ ਕਿ ਅਕਾਲੀ ਸਰਕਾਰ ਵਿਚ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਵਾਪਰੀਆਂ ਬੇਅਦਬੀਆਂ ਦੀਆਂ ਘਟਨਾਵਾਂ ਵਿਚ ਸੁਖਬੀਰ ਸਿੰਘ ਬਾਦਲ ਸਿੱਖ ਕੌਮ ਨੂੰ ਇਨਸਾਫ ਨਹੀ ਦਵਾ ਸਕੇ ਹਨ ਤਾਂ ਪੰਜਾਬ ਦੇ ਲੋਕ ਕਿਸ ਤਰ੍ਹਾਂ ਉਨ੍ਹਾਂ ਤੇ ਭਰੋਸਾ ਕਰਨ ਕਿ ਉਹ ਪੰਜਾਬ ਨੂੰ ਬਚਾਉਣ ਦੀਆਂ ਸੱਚੇ ਦਿਲੋਂ ਗੱਲਾਂ ਕਰ ਰਹੇ ਹਨ ਉਨ੍ਹਾਂ ਕਿਹਾ ਕਿ ਬੀਤੇ ਕੁਝ ਸਮੇਂ ਦੌਰਾਨ ਸੁਖਬੀਰ ਸਿੰਘ ਬਾਦਲ ਨੇ 100 ਸਾਲ ਤੋ ਵੱਧ ਪੁਰਾਣੀ ਸ਼ਹੀਦਾਂ ਦੀ ਜੱਥੇਬੰਦੀ ਸ਼੍ਰੋਮਣੀ ਅਕਾਲੀ ਦਲ ਨੂੰ ਇਸ ਕਦਰ ਨੀਵਾਂ ਕੀਤਾ ਕਿ ਕਿਸੇ ਸਮੇਂ ਪੰਜਾਬ ਦੀ ਪਰਮੁੱਖ ਪਾਰਟੀ ਸ਼੍ਰੋਮਣੀ ਅਕਾਲੀ ਦਲ ਨੂੰ ਪਿਛਲੀਆਂ ਦੋ ਵਿਧਾਨ ਸਭਾ ਚੋਣਾਂ ਦੇ ਆਏ ਨਤੀਜੇ ਤੋਂ ਬਾਅਦ ਵਿਰੋਧੀ ਧਿਰ ਵਿਚ ਵੀ ਜਗ੍ਹਾ ਨਹੀਂ ਮਿਲੀ ਹੈ। ਜਿਸ ਦਾ ਸਭ ਤੋਂ ਵੱਡਾ ਕਾਰਨ ਸੁਖਬੀਰ ਸਿੰਘ ਬਾਦਲ ਦੀਆਂ ਪੰਥ ਅਤੇ ਪੰਜਾਬ ਵਿਰੋਧੀ ਨੀਤੀਆਂ ਹਨ। ਉਨ੍ਹਾਂ ਨੇ ਆਪਣੇ ਰਿਸ਼ਤੇਦਾਰਾਂ ਨੂੰ ਹਮੇਸ਼ਾਂ ਪੰਜਾਬ ਅਤੇ ਪਾਰਟੀ ਤੋ ਉਪਰ ਰੱਖਿਆ। ਬੀਬੀ ਗੁਲਸ਼ਨ ਨੇ ਕਿਹਾ ਕਿ ਪੰਜਾਬ ਬਚਾਓ ਯਾਤਰਾ ਵੀ ਕੇਵਲ ਆਪਣੇ ਸਖੇ -ਸਬੰਧੀਆਂ ਨੂੰ ਬਚਾਉਣ ਲਈ ਸ਼ੁਰੂ ਕੀਤੀ ਗਈ ਹੈ।

# ਸਰਬੱਤ ਦੇ ਭਲੇ ਦੇ ਸੰਕਲਪ ਨਾਲ ਹੀ ਨਸ਼ਿਆਂ ਨੂੰ ਰੋਕਿਆ ਜਾ ਸਕਦਾ ਹੈ : ਭਾਨ ਸਿੰਘ ਜੱਸੀ

## ਚੰਗੇ ਕਾਰਜ ਕਰਨ ਵਾਲੇ ਨੌਜਵਾਨਾਂ ਦਾ ਕੀਤਾ ਸਨਮਾਨ



**ਸ਼ੇਰਪੁਰ 1 ਫਰਵਰੀ ( ਪੱਤਰ ਪ੍ਰੇਰਕ )**-ਸਥਾਨਕ ਗੁਰਦੁਆਰਾ ਨਾਨਕਸਰ ਵਿਖੇ ਪੰਜਾਬੀ ਸੱਭਿਆਚਾਰਕ ਸੱਥ ਪੰਜਾਬ ਅਤੇ ਗੁਰੂ ਨਾਨਕ ਸਲਮ ਸੇਵਾ ਮਿਸ਼ਨ ਵੱਲੋਂ ਸਮਾਜ ਸੇਵੀ ਭਾਨ ਸਿੰਘ ਜੱਸੀ ( ਜੱਸੀ ਪੇਧਨੀ ) ਦੀ ਅਗਵਾਈ ਵਿੱਚ ਹੋਏ ਸਮਾਗਮ ਦੌਰਾਨ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਨੌਜਵਾਨਾਂ ਅਤੇ ਗ੍ਰੰਥੀ ਸਿੰਘਾਂ ਦਾ ਲੋਈਆਂ ਅਤੇ ਮੈਡਲਾਂ ਨਾਲ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਮਾਜ ਸੇਵੀ ਭਾਨ ਸਿੰਘ ਜੱਸੀ ਅਤੇ ਹੋਰ ਸ਼ਖਸੀਅਤਾਂ ਵੱਲੋਂ ਯੁਵਕ ਸੇਵਾਵਾਂ ਕਲੱਬ ਖੇੜੀ ਕਲਾ ਦੇ ਸੀਨੀ: ਆਗੂ ਬਲਵਿੰਦਰ ਸਿੰਘ ਬਿੰਦਾ , ਨਸਾ ਰੋਕੋ ਕਮੇਟੀ ਸੇਰਪੁਰ ਦੇ ਆਗੂ ਗੋਪੀ ਗਰੇਵਾਲ , ਗੁਰਚਰਨ ਸਿੰਘ , ਚਮਕੌਰ ਸਿੰਘ , ਪ੍ਰਦੀਪ ਸਿੰਘ , ਗੁਰਦੁਆਰਾ ਨਾਨਕਸਰ ਸਾਹਿਬ ਦੇ ਗ੍ਰੰਥੀ ਬਾਬਾ ਬਲਵੀਰ ਸਿੰਘ ਅਤੇ ਬਲਜੀਤ ਸਿੰਘ ਦਾ ਲੋਈਆਂ ਅਤੇ ਮੈਡਲਾਂ ਨਾਲ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਹੋਏ ਇਕੱਠ ਨੂੰ ਸੰਬੋਧਨ ਕਰਦਿਆਂ ਸ: ਭਾਨ ਸਿੰਘ ਜੱਸੀ ਨੇ ਸਨਮਾਨਿਤ ਸ਼ਖਸੀਅਤਾਂ ਨੂੰ ਵਧਾਈਆਂ ਦਿੰਦਿਆਂ ਕਿਹਾ ਕਿ ਬਾਬਾ ਗੁਰੂ ਨਾਨਕ ਸਾਹਿਬ ਦੇ ਸਰਬੱਤ ਦੇ ਭਲੇ ਦੇ ਸੰਕਲਪ ਨੂੰ ਅਮਲਾਂ ਵਿੱਚ ਲਾਗੂ ਕਰਨਾ ਨਾਲ ਹੀ ਨਸਿਆਂ ਵਰਗੀਆਂ ਜੀਵਨ ਮਾਰੂ ਬੁਰਾਈਆਂ ਨੂੰ ਰੋਕਿਆ ਜਾ ਸਕਦਾ ਹੈ। ਉਹਨਾਂ ਕਿਹਾ ਕਿ ਸਾਨੂੰ ਰਾਜਨੀਤਿਕ ਅਤੇ ਸਮਾਜਿਕ ਤੰਗਦਿਲੀਆਂ ਤੋਂ ਉੱਪਰ ਉੱਠਕੇ ਇਨਸਾਨੀਅਤ ਦੀ ਭਲਾਈ ਲਈ ਚੰਗੇ ਕਾਰਜ ਕਰਨ ਵਾਲੇ ਲੋਕਾਂ ਦੀ ਮਦਦ ਕਰਨੀ ਚਾਹੀਦੀ, ਇਸ ਮੌਕੇ ਹੋਰਨਾਂ ਤੋਂ ਇਲਾਵਾ ਸਿੱਖ ਬੁੱਧੀਜੀਵੀ ਮੰਚ ਪੰਜਾਬ ਦੇ ਪ੍ਰਧਾਨ ਮਾ: ਹਰਬੰਸ ਸਿੰਘ ਸ਼ੇਰਪੁਰ , ਸ਼੍ਰੋਮਣੀ ਅਕਾਲੀ ਦਲ ( ਅ ) ਦੇ ਸੀਨੀ: ਆਗੂ ਮਨਜੀਤ ਸਿੰਘ ਧਾਮੀ , ਕਿਸਾਨ ਯੂਨੀਅਨ ਆਗੂ ਮਾ: ਚਰਨ ਸਿੰਘ ਜਵੰਧਾ , ਨੌਜਵਾਨ ਆਗੂ ਪ੍ਰਗਟਪ੍ਰੀਤ ਸਿੰਘ , ਪ੍ਰਧਾਨ ਜਗਦੇਵ ਸਿੰਘ ਕਾਕਾ , ਚੇਅਰਮੈਨ ਭਜਨ ਸਿੰਘ , ਸੂਬੇਦਾਰ ਹਰਵੰਤ ਸਿੰਘ , ਮਾ: ਰਾਜਵਿੰਦਰ ਸਿੰਘ , ਕਰਨ ਰੁਪਿੰਦਰ ਸਿੰਘ (ਕਨੇਡਾ ) ਜੇ.ਈ ਭਾਗ ਸਿੰਘ , ਬਾਬਾ ਨਿਰਮਲ ਸਿੰਘ ਔਲਖ , ਬਲਵਿੰਦਰ ਸਿੰਘ ਛੰਨਾ , ਅਮਨਾ ਖੇੜੀ , ਸਤਿਨਾਮ ਸਿੰਘ , ਰਜਿੰਦਰ ਸਿੰਘ ਗੁਰੂ ਨਾਨਕ ਮਾਰਬਲ ਵਾਲੇ , ਆਦਿ ਸ਼ਖਸੀਅਤਾਂ ਹਾਜ਼ਰ ਸਨ।

# ਕੇਂਦਰੀ ਸਰਕਾਰ ਵੱਲੋਂ ਪੇਸ ਕੀਤਾ ਬਜਟ ਦੇਸ਼ ਨੂੰ ਹੋਰ ਤਰੱਕੀ ਵੱਲ ਲਿਜਾਣ ਵਾਲਾ : ਰਣਦੀਪ ਸਿੰਘ ਦਿਓਲ



ਧੂਰੀ ( ਰਣਜੀਤ ਸਿੰਘ ਪੇਧਨੀ ) ਕੇਂਦਰੀ ਮੰਤਰੀ ਸ੍ਰੀ ਮਤੀ ਨਿਰਮਲਾ ਸੀਤਾਰਮਨ ਵੱਲੋਂ ਅੱਜ ਕੇਂਦਰੀ ਬੱਜਟ ਪੇਸ਼ ਕੀਤਾ ਗਿਆ ਜਿਸ ਵਿੱਚ ਹਰ ਵਰਗ ਦੀਆਂ ਲੋੜਾਂ ਦਾ ਹਿਸਾਬ ਰੱਖਿਆ ਗਿਆ ਹੈ, ਇਹ ਬੱਜਟ ਦੇਸ਼ ਨੂੰ ਹੋਰ ਤਰੱਕੀ ਵੱਲ ਲਿਜਾਣ ਵਾਲਾ ਹੈ, ਇਹ ਪ੍ਰਗਟਾਵਾ ਭਾਜਪਾ ਦੇ ਸੀਨੀਅਰ ਆਗੂ ਰਣਦੀਪ ਸਿੰਘ ਦਿਓਲ ਨੇ ਗੱਲਬਾਤ ਦੌਰਾਨ ਕੀਤਾ। ਦਿਓਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਦੇਸ਼ ਨਵੀਆਂ ਬੁਲੰਦੀਆਂ ਛੂਹ ਰਿਹਾ ਹੈ, ਭਾਰਤ ਹਰ ਪੱਖ ਤੋਂ ਮਜ਼ਬੂਤ ਹੋ ਰਿਹਾ ਹੈ । ਅੱਜ ਕੇਂਦਰੀ ਵਿੱਤ ਮੰਤਰੀ ਵੱਲੋਂ ਜਿਹੜਾ ਬੱਜਟ ਪੇਸ਼ ਕੀਤਾ ਗਿਆ, ਉਸ ਵਿੱਚ ਮਜ਼ਬੂਤ ਭਾਰਤ ਦਾ ਨਕਸ਼ਾ ਨਜ਼ਰ ਆ ਰਿਹਾ ਹੈ, ਇਸ ਬੱਜਟ ਵਿੱਚ ਵਿਸ਼ੇਸ਼ ਕਰਕੇ ਮਹਿਲਾਵਾਂ ਨੂੰ ਹੋਰ ਮਜ਼ਬੂਤ ਕਰਨ ਲਈ ਉਪਰਾਲੇ ਕੀਤੇ ਗਏ ਹਨ, ਉਥੇ ਕੇਂਦਰ ਤੇ ਰਾਜਾਂ ਦੇ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਲਈ 75000 ਕਰੋੜ ਵਿਆਜ਼ ਮੁਕਤ ਰਾਜਾਂ ਨੂੰ ਦੇਣ ਲਈ ਕਿਹਾ ਗਿਆ ਹੈ, ਇਸ ਨਾਲ ਦੇਸ਼ ਦੇ ਸਮੁੱਚੇ ਰਾਜਾਂ ਦਾ ਵੱਡੇ ਪੱਧਰ ਤੇ ਵਿਕਾਸ ਹੋਵੇਗਾ, ਉਨ੍ਹਾਂ ਆਖਿਆ ਕਿ ਬੱਜਟ ਵਿੱਚ ਦੇਸ਼ ਦੇ ਇਨਫਰਾਸਟਕਚਰ ਨੂੰ ਹੋਰ ਮਜ਼ਬੂਤ ਕਰਨ ਦੇ ਨਾਲ 300 ਯੂਨਿਟ ਮੁਫ਼ਤ ਬਿਜਲੀ ਦੇਣ ਬਾਰੇ ਵੀ ਕਿਹਾ ਗਿਆ ਹੈ, ਇਸ ਤੋਂ ਇਲਾਵਾ ਆਰਥਿਕ ਤੌਰ ਤੇ ਕਮਜ਼ੋਰ ਪਰਿਵਾਰਾਂ ਨੂੰ ਘਰ ਬਣਾ ਕੇ ਦੇਣ ਦੀ ਗੱਲ ਕਹੀ ਗਈ ਹੈ, ਦੇਸ਼ ਦੀ ਰੱਖਿਆ ਪੱਖ ਤੋਂ ਮਜ਼ਬੂਤ ਕਰਨ ਦੀ ਯਤਨ ਕੀਤਾ ਹੈ, ਉਨ੍ਹਾਂ ਆਖਿਆ ਕਿ ਕੁੱਲ ਮਿਲਾ ਕੇ ਬੱਜਟ ਨੂੰ ਬਹੁਤ ਹੀ ਵਧੀਆ ਕਿਹਾ ਜਾ ਸਕਦਾ ਹੈ।

ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ



# ਮਾਤਾ ਮਹਿੰਦਰ ਕੌਰ ਚੀਮਾਂ

ਆਪ ਜੀ ਨੂੰ ਬੜੀ ਦੁਖੀ ਹਿਰਦੇ ਨਾਲ ਸੁਚਿਤ ਕੀਤਾ ਜਾਂਦਾ ਹੈ ਕਿ
ਧਰਮਪਤਨੀ ਸਵ. ਸ. ਮੁਖਤਿਆਰ ਸਿੰਘ ਚੀਮਾਂ (ਫੌਜੀ ਡਾਕਟਰ) ਜੋ ਕਿ ਪਿਛਲੇ ਦਿਨ
25 ਜਨਵਰੀ ਦਿਨ ਵੀਰਵਾਰ ਨੂੰ ਅਚਾਨਕ ਦਿੱਤੀ ਹੋਈ ਸਵਾਸਾ ਦੀ ਪੂੰਜੀ ਨੂੰ ਪੂਰਾ ਕਰਦੇ ਹੋਏ
ਅਕਾਲ ਚਲਾਨਾ ਕਰ ਗਏ ਹਨ ਜਿੰਨ੍ਹਾਂ ਦੀ ਆਤਮਿਕ ਸਾਂਤੀ ਲਈ ਰੱਖੇ ਗਏ

## ਸ਼੍ਰੀ ਸਹਿਜ ਪਾਠ ਦੇ ਭੋਗ ਤੇ ਅੰਤਿਮ ਅਰਦਾਸ

ਮਿਤੀ 04 ਫਰਵਰੀ 2024 ਦਿਨ ਐਤਵਾਰ ਨੂੰ ਕੀਰਤਨ 12 ਤੋਂ 1 ਵਜੇ ਤੱਕ
ਸਥਾਨ ਗੁ. ਗੁਰੂਸਰ ਸਾਹਿਬ ਪਿੰਡ ਚਕਰ, ਤਹਿ: ਜਗਰਾਓ, ਜਿਲ੍ਹਾ ਲੁਧਿ: ਵਿਖੇ ਪਵੇਗਾ

**ਨੋਟ: ਵੱਖਰੇ ਕਾਰਡ ਨਹੀਂ ਭੇਜੇ ਜਾ ਰਹੇ**

ਆਵਾਜ਼ਿ ਕੌਮ AWAZE QAUM International Newspaper & WEB TV

### ਦੁਖੀ ਹਿਰਦੇ

ਹਰਚੰਦ ਸਿੰਘ ਚਕਰ (ਸਪੁੱਤਰ)
ਪੰਜਾਬ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਅਤੇ ਸਾਬਕਾ ਸਰਪੰਚ ਚਕਰ
ਇੱਕਜੋਤ ਸਿੰਘ ਚੀਮਾਂ ਅਤੇ ਸਮੂਹ ਚੀਮਾਂ ਪਰਿਵਾਰ

**M. 98727-25438**

ਅਨੋਖੇ ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ
ਪੰਥ ਪ੍ਰਚਾਰ ਹਿੱਤ ਤਤਪਰ

# ਬਾਲਾ ਪ੍ਰੀਤਮ ਸਟੱਡੀ ਸਰਕਲ ਸੇਵਾ ਸੋਸਾਇਟੀ (ਰਜਿ:) ਵੱਲੋਂ

## 14ਵੇਂ ਵਿਸ਼ੇਸ਼ ਉਪਰਾਲੇ ਤਹਿਤ ਅੰਤਰ ਰਾਸ਼ਟਰੀ ਪੱਧਰ ਤੇ

# "ਬਾਬਾਣੀਆ ਕਹਾਣੀਆ" ਇਤਿਹਾਸ ਮੁਕਾਬਲੇ

ਮਿਤੀ 27-28 ਅਪ੍ਰੈਲ 2024 ਨੂੰ
Online ਕਰਵਾਏ ਜਾ ਰਹੇ ਹਨ।

**ਉਮਰ ਸੀਮਾ:**
**4 ਸਾਲ ਤੋਂ 24 ਸਾਲ ਤੱਕ**

ਮੁਕਾਬਲੇ ਵਿੱਚੋਂ ਜੇਤੂ ਹੋਏ ਬੱਚਿਆਂ ਨੂੰ ਹਰਮੋਨੀਅਮ, ਤਬਲਾ, ਚਾਂਦੀ ਦੇ ਮੈਡਲ, ਨਕਦ ਰਾਸ਼ੀ, ਸਰਟੀਫਿਕੇਟ, ਟਰਾਫੀਆਂ, BPSC ਕਿੱਟਾਂ, ਗੁਰਬਾਣੀ ਰੇਡੀਓ ਅਤੇ ਹੋਰ ਇਨਾਮਾਂ ਨਾਲ ਸਨਮਾਨਿਤ ਕੀਤਾ ਜਾਵੇਗਾ।

ਮੁਕਾਬਲੇ ਸੰਬੰਧੀ ਵਧੇਰੇ ਜਾਣਕਾਰੀ ਲੈਣ ਲਈ ਸੰਸਥਾ ਦੇ YOUTUBE ਚੈਨਲ ਅਤੇ INSTAGRAM ਪੇਜ BALA PRITAM STUDY CIRCLE ਨੂੰ SUBSCRIBE ਕਰੋ ਜੀ।
ਰਜਿਸਟ੍ਰੇਸ਼ਨ ਕਰਵਾਉਣ ਲਈ ਸੰਸਥਾ ਦੇ whatsapp ਨੰਬਰ 62805-45967 ਤੇ ਮੈਸਜ ਕਰਕੇ ਸੰਪਰਕ ਕਰੋ ਜੀ।
ਰਜਿਸਟ੍ਰੇਸ਼ਨ ਦੀ ਆਖਰੀ ਮਿਤੀ 15 ਫਰਵਰੀ 2024 ਹੈ ਜੀ।



ਬੇਨਤੀ ਕਰਤਾ:
ਭਾਈ ਕਿਰਨਦੀਪ ਸਿੰਘ ਖਾਲਸਾ
(ਮੁੱਖ ਸੇਵਾਦਾਰ)
ਸੰਪਰਕ: +91 62390-97034

ਆਵਾਜ਼ਿ ਕੌਮ
AWAZE QAUM
International Newspaper & WEB TV

## ਸੁਲਤਾਨਪੁਰ ਲੋਧੀ ਗੁਰਦੁਆਰੇ ’ਤੇ ਪੁਲਿਸ ਹਮਲੇ ਦੇ ਮਾਮਲੇ ’ਚ ਮੁੱਖ ਮੰਤਰੀ ਸਮੇਤ ਦੋਸ਼ੀਆਂ ਖਿਲਾਫ਼ ਦਰਜ ਹੋਵੇ ਮੁਕੱਦਮਾ

# ਧਾਰਮਿਕ ਅਵੱਗਿਆ ਦਾ ਦੋਸ਼ੀ ਹੋਣ ਕਰਕੇ ਭਗਵੰਤ ਮਾਨ ਤੁਰੰਤ ਦੇਵੇ ਅਸਤੀਫ਼ਾ- ਐਡਵੋਕੇਟ ਹਰਜਿੰਦਰ ਸਿੰਘ ਧਾਮੀ

**☛ ਜੇਕਰ ਸਰਕਾਰ ਨੇ ਕਾਰਵਾਈ ਨਾ ਕੀਤੀ ਤਾਂ ਸ਼੍ਰੋਮਣੀ ਕਮੇਟੀ ਵਿੱਢੇਗੀ ਕਾਨੂੰਨੀ ਕਾਰਵਾਈ ☛ ਸ਼੍ਰੋਮਣੀ ਕਮੇਟੀ ਦੇ ਵਿਸ਼ੇਸ਼ ਇਜਲਾਸ ਵਿਚ ਸਰਬਸੰਮਤੀ ਨਾਲ ਪੰਜਾਬ ਸਰਕਾਰ ਦੀ ਕਾਰਵਾਈ ਵਿਰੁੱਧ ਮਤਾ ਪਾਸ**






ਨਵੀਂ ਦਿੱਲੀ, 1 ਫ਼ਰਵਰੀ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੱਜ ਹੋਏ ਵਿਸ਼ੇਸ਼ ਇਜਲਾਸ ਦੌਰਾਨ ਗੁਰਦੁਆਰਾ ਸ੍ਰੀ ਅਕਾਲ ਬੁੰਗਾ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਪੁਲਿਸ ਦੇ ਜੁੱਤੀਆਂ ਸਮੇਤ ਦਾਖ਼ਲ ਹੋਣ, ਗੋਲੀਬਾਰੀ ਕਰਨ, ਅੱਥਰੂ ਗੈਸ ਦੇ ਗੋਲੇ ਸੁੱਟਣ ਅਤੇ ਮਰਯਾਦਾ ਦੀ ਉਲੰਘਣਾ ਦੇ ਮਾਮਲੇ ’ਚ ਇਕ ਮਤਾ ਪਾਸ ਕਰਦਿਆਂ ਕਿਹਾ ਗਿਆ ਕਿ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਸਮੇਤ ਘਟਨਾ ਦੇ ਸਾਰੇ ਦੋਸ਼ੀਆਂ ਵਿਰੁੱਧ ਧਾਰਾ 295ਏ ਤਹਿਤ ਮੁਕੱਦਮਾ ਦਰਜ ਹੋਵੇ ਅਤੇ ਧਾਰਮਿਕ ਅਵੱਗਿਆ ਦਾ ਦੋਸ਼ੀ ਹੋਣ ਕਰਕੇ ਮੁੱਖ ਮੰਤਰੀ ਆਪਣੇ ਅਹੁਦੇ ਤੋਂ ਤੁਰੰਤ ਅਸਤੀਫ਼ਾ ਦੇਵੇ। ਸ਼੍ਰੋਮਣੀ ਕਮੇਟੀ ਦੇ ਦਫਤਰ ਸਥਿਤ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿਚ ਹੋਏ ਇਸ ਇਜਲਾਸ ਵਿਚ ਵੱਖ-ਵੱਖ ਮੈਂਬਰਾਂ ਨੇ ਸੰਬੋਧਨ ਕਰਦਿਆਂ ਸੁਲਤਾਨਪੁਰ ਲੋਧੀ ਦੇ ਗੁਰਦੁਆਰਾ ਅਕਾਲ ਬੁੰਗਾ ਸਾਹਿਬ ’ਤੇ ਪੁਲਿਸ ਹਮਲੇ ਦੀ ਕਰੜੀ ਨਿੰਦਾ ਕੀਤੀ ਅਤੇ ਇਸ ਘਟਨਾ ਦੀ ਪੜਤਾਲ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ’ਤੇ ਗਠਿਤ ਸਬ-ਕਮੇਟੀ ਦੀ ਰਿਪੋਰਟ ਨੂੰ ਪ੍ਰਵਾਨਗੀ ਦਿੰਦਿਆਂ ਇਸ ਰਿਪੋਰਟ ਦੇ ਆਧਾਰ ’ਤੇ ਕਰੜੀ ਕਾਰਵਾਈ ਨੂੰ ਅਮਲ ਵਿਚ ਲਿਆਉਣ ਲਈ ਆਖਿਆ। ਬੁਲਾਰਿਆਂ ਨੇ ਸਪੱਸ਼ਟ ਤੌਰ ’ਤੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਸੂਬੇ ਦੇ ਗ੍ਰਹਿ ਮੰਤਰੀ ਹੋਣ ਨਾਤੇ ਸਿੱਧੇ ਤੌਰ ’ਤੇ ਧਾਰਮਿਕ ਅਵੱਗਿਆ ਦਾ ਦੋਸ਼ੀ ਹੈ, ਜਿਸ ’ਤੇ ਫ਼ੌਜਦਾਰੀ ਮੁਕੱਦਮਾ ਦਰਜ ਹੋਣਾ ਚਾਹੀਦਾ ਹੈ ਅਤੇ ਇਸ ਦੇ ਨਾਲ ਹੀ ਦੋਸ਼ੀਆਂ ਨੂੰ ਸੰਗਤ ਦੀ ਕਚਹਿਰੀ ਵਿਚ ਹਰ ਪੱਧਰ ’ਤੇ ਨਸ਼ਰ ਵੀ ਕੀਤਾ ਜਾਵੇ। ਇਜਲਾਸ ਮੌਕੇ ਆਏ ਵਿਚਾਰਾਂ ਨੂੰ ਮੱਦੇਨਜ਼ਰ ਰੱਖਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਕ ਮਤਾ ਪੇਸ਼ ਕੀਤਾ, ਜਿਸ ਨੂੰ ਸਰਬਸੰਮਤੀ ਨਾਲ ਪ੍ਰਵਾਨਗੀ ਦਿੱਤੀ ਗਈ। ਮਤੇ ਵਿਚ ਕਿਹਾ ਗਿਆ ਕਿ ਗੁਰਦੁਆਰਾ ਸ੍ਰੀ ਅਕਾਲ ਬੁੰਗਾ ਸਾਹਿਬ ਸੁਲਤਾਨਲੋਧੀ ’ਤੇ ਪੁਲਿਸ ਵੱਲੋਂ ਗੋਲਬਾਰੀ ਕਰਨ ਅਤੇ ਮਰਯਾਦਾ ਦੀ ਉਲੰਘਣਾ ਦੇ ਮੁੱਖ ਦੋਸ਼ੀ ਵਜੋਂ ਪੰਜਾਬ ਦੇ ਮੁੱਖ ਮੰਤਰੀ/ਗ੍ਰਹਿ ਮੰਤਰੀ ਸ੍ਰੀ ਭਗਵੰਤ ਮਾਨ ਆਪਣਾ ਅਹੁਦਾ ਤੁਰੰਤ ਛੱਡਣ। ਮੁੱਖ ਮੰਤਰੀ ਸਮੇਤ ਗੁਰਦੁਆਰਾ ਸਾਹਿਬ ਦੀ ਘਟਨਾ ਦੇ ਹਰ ਦੋਸ਼ੀ ’ਤੇ ਧਾਰਾ 295ਏ ਤਹਿਤ ਫ਼ੌਜਦਾਰੀ ਪਰਚਾ ਦਰਜ ਕੀਤਾ ਜਾਵੇ। ਪਾਸ ਕੀਤੇ ਗਏ ਮਤੇ ਵਿਚ ਇਹ ਵੀ ਕਿਹਾ ਗਿਆ ਕਿ ਇਸ ਮਾਮਲੇ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਦਾ ਇਕ ਵਫ਼ਦ ਮੁੱਖ ਮੰਤਰੀ ਵਿਰੁੱਧ ਕਾਰਵਾਈ ਲਈ ਪੰਜਾਬ ਦੇ ਰਾਜਪਾਲ ਨੂੰ ਵੀ ਮਿਲੇਗਾ। ਇਜਲਾਸ ਨੇ ਫੈਸਲਾ ਕੀਤਾ ਕਿ ਜੇਕਰ ਸਰਕਾਰ ਨੇ ਕਾਰਵਾਈ ਨਾ ਕੀਤੀ ਤਾਂ ਸ਼੍ਰੋਮਣੀ ਕਮੇਟੀ ਵੱਲੋਂ ਕਾਨੂੰਨੀ ਪੈਰਵਾਈ ਕਰਦਿਆਂ ਦੋਸ਼ੀਆਂ ਨੂੰ ਕਟਹਿਰੇ ਵਿਚ ਖੜ੍ਹਾ ਕੀਤਾ ਜਾਵੇਗਾ। ਇਸ ਦੇ ਨਾਲ ਹੀ ਵੱਖ-ਵੱਖ ਜਥੇਬੰਦੀਆਂ ਦੇ ਨੁਮਾਇੰਦਿਆਂ ਅਤੇ ਸੰਗਤਾਂ ਦਾ ਇਕ ਵਿਸ਼ਾਲ ਇਕੱਠ ਬੁਲਾ ਕੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਵਿਰੁੱਧ ਅਗਲੀ ਰਣਨੀਤੀ ਉਲੀਕਣ ਦਾ ਵੀ ਫੈਸਲਾ ਕੀਤਾ ਗਿਆ। ਇਸ ਮੌਕੇ ਪੰਜਾਬ ਸਰਕਾਰ ਨੂੰ ਇਹ ਵੀ ਤਾੜਨਾ ਕੀਤੀ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ ਦੇ ਮੁੱਖ ਦੋਸ਼ੀ ਅਤੇ ਜਬਰ ਜਨਾਹ ਤੇ ਕਤਲ ਦੇ ਮਾਮਲਿਆਂ ਵਿਚ ਸਜ਼ਾ ਭੁਗਤ ਰਹੇ ਸੌਦਾ ਸਾਧ ਗੁਰਮੀਤ ਰਾਮ ਰਹੀਮ ਦੀ ਪੁਸ਼ਤਪਨਾਹੀ ਬੰਦ ਕਰਕੇ ਉਸ ਵੱਲੋਂ ਪੰਜਾਬ ਦੇ ਦੁਆਬਾ ਖੇਤਰ ਵਿਚ ਡੇਰਾ ਬਣਾਉਣ ਦੀ ਕੋਸ਼ਿਸ਼ ਨੂੰ ਰੋਕਿਆ ਜਾਵੇ। ਜੇਕਰ ਸਰਕਾਰ ਨੇ ਲਾਪ੍ਰਵਾਹੀ ਵਰਤੀ ਦਾ ਹਾਲਾਤਾਂ ਦੀ ਜ਼ੁੰਮੇਵਾਰੀ ਸਰਕਾਰ ਦੀ ਹੋਵੇਗੀ। ਇਜਲਾਸ ਨੇ ਸਖ਼ਤ ਲਫ਼ਜ਼ਾਂ ਵਿਚ ਕਿਹਾ ਕਿ ਪੰਜਾਬ ਸਰਕਾਰ ਬਰਗਾੜੀ ਬੇਅਦਬੀ ਦੇ ਦੋਸ਼ੀ ਰਾਮ ਰਹੀਮ ਦੀ ਹਮਦਰਦ ਨਾ ਬਣੇ ਅਤੇ ਉਸ ਨੂੰ ਨੱਥ ਪਾਵੇ। ਇਜਲਾਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਧਾਮੀ ਨੇ ਕੁਝ ਸ਼ਰਾਰਤੀ ਲੋਕਾਂ ਵੱਲੋਂ ਸੁਲਤਾਨਪੁਰ ਲੋਧੀ ਦੀ ਘਟਨਾ ਨੂੰ ਬਰਗਾੜੀ ਘਟਨਾ ਨਾਲ ਜੋੜ ਕੇ ਬੇਲੋੜੇ ਸਵਾਲ ਪੈਦਾ ਕਰਨ ’ਤੇ ਕਿਹਾ ਕਿ ਸ਼੍ਰੋਮਣੀ ਕਮੇਟੀ ਕਿਸੇ ਵੀ ਬੇਅਦਬੀ ਮਾਮਲੇ ’ਤੇ ਦੋਸ਼ੀਆਂ ਵਿਰੁੱਧ ਬਿਲਕੁਲ ਸਪੱਸ਼ਟ ਨੀਤੀ ਰੱਖਦੀ ਹੈ। ਬਰਗਾੜੀ ਮਾਮਲੇ ਵਿਚ ਵੀ ਸ਼੍ਰੋਮਣੀ ਕਮੇਟੀ ਦੇ 2021 ਦੇ ਜਨਰਲ ਇਜਲਾਸ ਦੌਰਾਨ ਨਿੰਦਾ ਮਤਾ ਪਾਸ ਕਰਦਿਆਂ ਦੋਸ਼ੀਆਂ ਖਿਲਾਫ਼ ਕਰੜੀ ਕਾਰਵਾਈ ਦੀ ਮੰਗ ਕੀਤੀ ਜਾ ਚੁੱਕੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਬੇਅਦਬੀ ਦਾ ਕੋਈ ਦੋਸ਼ੀ ਬਚਣਾ ਨਹੀਂ ਚਾਹੀਦਾ। ਉਨ੍ਹਾਂ ਕਿਹਾ ਕਿ ਬੇਅਦਬੀ ਮਾਮਲਿਆਂ ਦੀ ਰਾਜਨੀਤੀ ਕਰਕੇ ਕਈ ਪਾਰਟੀਆਂ ਨੇ ਆਪਣੀਆਂ ਸਰਕਾਰਾਂ ਤਾਂ ਬਣਾ ਲਈਆਂ, ਪਰ ਹੁਣ ਤੱਕ ਕੋਈ ਵੀ ਨਿਰਣਾਇਕ ਨਤੀਜੇ ਨਹੀਂ ਦੇ ਸਕੀਆਂ। ਇਜਲਾਸ ’ਚ ਸ਼੍ਰੋਮਣੀ ਕਮੇਟੀ ਦੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਹੋਰ ਬਹੁਤ ਸਾਰੇ ਕਮੇਟੀ ਮੈਂਬਰ ਹਾਜਿਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

## ਸਵ. ਮਾਤਾ ਹਰਬੰਸ ਕੌਰ ਦੇ ਬੁੱਤ ਦਾ ਉਦਘਾਟਨ ਜੀ.ਐਨ.ਡੀ.ਯੂ ਦੇ ਕੁਲਪਤੀ ਵੱਲੋਂ ਕੀਤਾ ਗਿਆ



**ਅੰਮ੍ਰਿਤਸਰ, 1 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼ਹੀਦ ਨਾਨਕ ਸਿੰਘ ਦੀ ਧਰਮਪਤਨੀ ਅਤੇ ਅੰਮ੍ਰਿਤਸਰ ਦੀ ਮਾਤਾ ਹਰਬੰਸ ਕੌਰ ਜਿੰਨ੍ਹਾਂ ਨੂੰ ਮਰਨ ਉਪਰਾਂਤ ਗੌਰਵਚਿਤ ਭਾਰਤੀ ਮਾਂ ਘੋਸ਼ਿਤ ਕੀਤਾ ਗਿਆ ਸੀ ਦੇ ਬੁੱਤ ਦਾ ਉਦਘਾਟਨ ਅੱਜ ਰਣਜੀਤ ਐਵਿਨਿਊ ਵਿਖੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਕੁਲਪਤੀ ਡਾ.ਜਸਪਾਲ ਸਿੰਘ ਸੰਧੂ ਵੱਲੋਂ ਕੀਤਾ ਗਿਆ।ਲੇਡੀ ਅਤੇ ਲਾਰਡ ਰਮੀ ਰੇਂਜਰ ਸੀ.ਬੀ.ਈ ਦੀ ਮਾਤਾ ਸਵ.ਹਰਬੰਸ ਕੌਰ ਬੜੀ ਜੁਝਾਰੂ ਅਤੇ ਮਿਹਨਤੀ ਮਹਿਲਾ ਸੀ ਉਨ੍ਹਾਂ ਅਪਣੇ ਬੱਚਿਆਂ ਨੂੰ ਪੁਲਿਸ ਸੇਵਾ ਵਿੱਚ ਭੇਜਿਆ।ਇਸ ਮੌਕੇ ਲਾਰਡ ਰਮੀ ਰੇਂਜਰ ਸੀ.ਬੀ.ਈ ਨੇ ਦੱਸਿਆ ਕਿਹਾ ਕਿ ਮਾਤਾ ਹਰਬੰਸ ਕੌਰ ਜਿੰਨ੍ਹਾਂ ਦਾ ਇਥੇ ਬੁੱਤ ਲਗਾ ਰਹੇ ਹਾਂ ਨੇ ਅਪਣੀ ਜ਼ਿੰਦਗੀ ਵਿੱਚ ਕਦੇ ਹਾਰ ਨਹੀਂ ਮੰਨੀ ਸੀ ਉਨ੍ਹਾਂ ਦੀ ਜ਼ਿੰਦਗੀ ਤੋਂ ਸਾਨੂੰ ਪ੍ਰੇਰਨਾ ਲੈਣੀ ਚਾਹੀਦੀ ਹੈ।ਜ਼ਿਕਰਯੋਗ ਹੈ ਕਿ ਸਵ.ਮਾਤਾ ਹਰਬੰਸ ਕੌਰ 35 ਸਾਲਾਂ ਦੀ ਉਮਰ ਵਿੱਚ ਵਿਧਵਾ ਹੋ ਗਈ ਸੀ ਉਨ੍ਹਾਂ ਦੇ 8 ਬੱਚੇ ਸਨ ਸਭ ਤੋਂ ਛੋਟਾ ਬੱਚਾ 14 ਸਾਲ ਦਾ ਸੀ ਅਤੇ ਸਭ ਤੋਂ ਛੋਟੇ ਦਾ ਜਨਮ ਭਾਰਤ ਦੇ ਬਟਵਾਰੇ ਦਾ ਵਿਰੋਧ ਕਰਨ ਦੇ ਲਈ ਉਨ੍ਹਾਂ ਦੇ ਪਤੀ ਨਾਨਕ ਸਿੰਘ ਦੇ ਸ਼ਹੀਦ ਹੋਣ ਤੋਂ 2 ਮਹੀਨੇ ਬਾਅਦ ਹੋਇਆ।ਇਸ ਮੌਕੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਅਸ਼ੋਕ ਤਲਵਾਰ,ਸਾਬਕਾ ਕੈਬਿਨੇਟ ਮੰਤਰੀ ਅਨੀਲ ਜੋਸ਼ੀ,ਅਵਿਨਾਸ਼ ਜੌਲੀ,ਉਘੇ ਸਮਾਜ ਸੇਵਕ ਸੰਜੇ ਮਹਿਤਾ ਗੋਗਾ,ਰਾਕੇਸ਼ ਗੋਇਲ,ਐਨ.ਆਰ.ਆਈ ਐਸੋਸੀਏਸ਼ਨ ਲੰਡਨ ਦੇ ਸਕੱਤਰ ਦੇਵ ਤਿਆਗੀ,ਲਲਿਤ ਚੰਡੋਕ,ਬੌਬੀ ਕੁਮਾਰ,ਲੇਡੀ ਰੇਨੂੰ ਰੇਂਜਰ,ਮਿਸਿਜ ਸੁਰਿੰਦਰ,ਦਵਿੰਦਰ ਤਰੇਹਨ,ਡਾ.ਚਾਂਦ ਤਰੇਹਨ,ਸਬੀਨਾ ਰੇਂਜਰ,ਸੁਰਿੰਦਰ ਕੰਧਾਰੀ ਦੁਬਈ,ਕੁਲਵਿੰਦਰ ਸਿੰਘ,ਮਿਸਿਜ ਵੀਨੂੰ ਸਿੰਘ,ਪੁਰਮਜੀਤ ਸਿੰਘ,ਜਸਬੀਰ ਸਿੰਘ ਆਦਿ ਤੋਂ ਇਲਾਵਾ ਹੋਰ ਪ੍ਰਮੁੱਖ ਸਖਸ਼ੀਅਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਨੈਸ਼ਨਲ ਕੁਸ਼ਟ ਰੋਗ ਜਾਗਰੂਕਤਾ ਮੁਹਿੰਮ ਸੰਬਧੀ ਜਿਲਾ ਟਰੇਨਿੰਗ ਵਰਕਸ਼ਾਪ ਦਾ ਕੀਤਾ ਆਯੋਜਨ



ਚੌਕ ਮਹਿਤਾ1 ਫ਼ਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )ਸਿਵਲ ਸਰਜਨ ਤਰਨਤਾਰਨ ਡਾ ਕਮਲਪਾਲ ਸਿੱਧੂ ਜੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨੈਸ਼ਨਲ ਕੁਸ਼ਟ ਰੋਗ ਜਾਗਰੂਕਤਾ ਮੁਹਿੰਮ ਸੰਬਧੀ ਸਿਵਲ ਸਰਜਨ ਤਰਨਤਾਰਨ ਵਿਖੇ ਇੱਕ ਜਿਲ੍ਹਾ ਪੱਧਰੀ ਟਰੇਨਿੰਗ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਕੁਸ਼ਟ ਰੋਗ ਦੇ ਖਾਤਮੇਂ “ਪ੍ਰਣ” ਲਿਆ। ਇਸ ਮੌਕੇ ਜਿਲ੍ਹਾ ਟੀਕਾਕਰਣ ਅਫਸਰ ਡਾ ਵਰਿੰਦਰਪਾਲ ਕੌਰ ਨੇ ਕਿਹਾ ਇਸ ਮੁਹਿੰਮ ਦੌਰਾਨ ਜਿਲ੍ਹੇ ਭਰ ਦੇ ਸਾਰੇ ਸਿਹਤ ਕੇਂਦਰਾਂ ਵਿਚ ਇਹ ਸੁੰਹ ਚੁੱਕ ਸਮਾਗਮ ਕਰਵਾਏ ਗਏ ਹਨ, ਜਿਸਦਾ ਮੁੱਖ ਮੰਤਵ ਆਮ ਲੋਕਾਂ ਨੂੰ ਕੁਸ਼ਟ (ਕੌਹੜ) ਰੋਗ ਬਾਰੇ ਜਾਗਰੂਕ ਕਰਨਾਂ ਹੈ, ਤਾਂ ਜੋ ਇਸ ਰੋਗ ਦੇ ਲੱਛਣਾਂ ਬਾਰੇ ਸੱਭ ਨੂੰ ਜਾਣਕਾਰੀ ਹੋਵੇ ਅਤੇ ਇਸ ਰੋਗ ਦਾ ਮਰੀਜ ਮਿਲਣ ਤੇ ਉਸ ਦੀ ਜਾਂਚ-ਪੜਤਾਲ ਕਰਕੇ ਸਰਕਾਰੀ ਸਿਹਤ ਕੇਂਦਰ ਤੇ ਜਲਦੀ ਭੇਜਿਆ ਜਾ ਸਕੇ ਅਤੇ ਉਸ ਨੂੰ ਪੂਰੇ ਕੋਰਸ ਦੀ ਮੁਫਤ ਦਵਾਈ ਦੇ ਕੇ ਉਸ ਦਾ ਇਲਾਜ ਕਰਨਾਂ ਸੰਭਵ ਹੋ ਸਕੇ। ਜਿਲ੍ਹਾ ਐਪੀਡਿਮੋਲੋਜਿਸਟ ਡਾ ਸਿਮਰਨ ਕੌਰ ਅਤੇ ਡਾ ਅਨਦੀਪ ਸਿੰਘ ਨੇ ਦੱਸਿਆ ਕਿ ਇਸ ਮੁਹਿੰਮ ਦੌਰਾਨ ਕੁਸ਼ਟ ਰੋਗ ਦੇ ਇਲਾਜ ਅਤੇ ਦਵਾਈਆਂ ਬਾਰੇ ਆਮ ਲੋਕਾ ਨੂੰ ਜਾਣਕਾਰੀ ਦਿੱਤੀ ਜਾ ਰਹੀ ਹੈ, ਜਿਵੇਂ ਕਿ ਸ਼ਰੀਰ ਤੇ ਕਿਸੇ ਵੀ ਹਿੱਸੇ ਤੇ ਕੋਈ ਅਜੇਹਾ ਨਿਸ਼ਾਨ ਜਿਸ ਦਾ ਰੰਗ ਲਾਲ, ਚਿੱਟਾ ਜਾਂ ਤਾਂਬੇ ਰੰਗ ਦਾ ਹੋਵੇ ਜਿਸ ਤੇ ਛੋਹ ਮਹਿਸੂਸ ਨਾ ਹੂੰਦੀ ਹੋਵੇ ਅਤੇ ਗਰਮ ਠੰਡਾ ਵੀ ਨਾ ਮਹਿਸੂਸ ਹੁੰਦਾ ਹੋਵੇ ਅਤੇ ਨਾਲ ਹੀ ਹੱਥਾਂ ਅਤੇ ਪੈਰਾਂ ਉਤੇ ਆਪਣੇ ਆਪ ਛਾਲੇ ਪੈ ਕੇ ਜਖਮ ਹੋ ਜਾਣਾ। ਇਹ ਸਾਰੀਆ ਕੋਹੜ ਦੀਆਂ ਨਿਸ਼ਾਨੀਆਂ ਹਨ। ਉਹਨਾ ਨੇ ਇਹ ਵੀ ਦੱਸਿਆ ਕਿ ਜਦੋ ਮਰੀਜ ਲਗਾਤਾਰ ਇਸ ਦਵਾਈ ਦਾ ਕੋਰਸ ਪੂਰਾ ਕਰ ਲੇਦਾ ਹੈ, ਤਾ ਉਹ ਇਸ ਰੋਗ ਦੇ ਖਤਰੇ ਤੋ ਪੂਰੀ ਤਰ੍ਹਾ ਮੁਕਤ ਹੋ ਜਾਦਾ ਹੈ। ਇਸ ਮੋਕੇ ਤੇ ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ, ਐਨ.ਐਮ.ਐਸ.ਮਨਿੰਦਰ ਕੌਰ, ਸਮੂਹ ਬਲਾਕ ਨੋਡਲ ਅਫਸਰ ਅਤੇ ਸਟਾਫ ਸ਼ਾਮਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਜਨਮ ਦਿਨ ਮੁਬਾਰਕ





ਆਵਾਜ਼ਿ ਕੌਮ AWAZE QAUM International Newspaper & WEB TV

**ਹਰਹੁਸ਼ਨਦੀਪ ਸਿੰਘ ਸਹੋਤਾ**

ਪਿਤਾ : ਸੰਦੀਪ ਸਿੰਘ ਸਹੋਤਾ
ਮਾਤਾ: ਸੰਦੀਪ ਕੌਰ ਸਹੋਤਾ
ਵਾਸੀ : ਰੰਗੜ ਨੰਗਲ, ਬਟਾਲਾ
ਜਿਲ੍ਹਾ ਗੁਰਦਾਸਪੁਰ

## ਅਸ਼ੀਰਵਾਦ



ਸਤਿਕਾਰ ਯੋਗ ਸ, ਹਰਬੰਸ ਸਿੰਘ ਸਿੱਧੂ ਦੇ ਪੋਤਰੇ ਮੌਜੂਦਾ ਸਰਪੰਚ ਜਗਰੂਪ ਸਿੰਘ ਦੇ ਭਤੀਜੇ ਗੁਰਸਿੱਖ ਸ, ਰਣਜੀਤ ਸਿੰਘ ਸਿੱਧੂ ਦੇ ਸਪੁੱਤਰ ਸ, ਸੁਖਰਾਜ ਸਿੰਘ ਦੇ ਸਗਨ ਸਮੇਂ ਸਿਰਪਾਉ ਅਤੇ ਅਸੀਸਵਾਦ ਦਿੰਦੇ ਹੋਏ ਤੇਰੀ ਓਟ ਬਿਰਧ ਆਸਰਮ ਗਦਲੀ ਦੇ ਮੁੱਖੀ ਅਤੇ ਮਹਾਨ ਕਥਾਵਾਚਕ ਗਿਆਨੀ ਭੁਪਿੰਦਰ ਸਿੰਘ ਜੀ ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ ਅਤੇ ਹੋਰ ਪਤਵੰਤੇ ਸਜਨ। (ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

# ਸਵ. ਤੇਜਾ ਸਿੰਘ ਉਰਫ ਗੁਰਤੇਜ ਸਿੰਘ ਸਿੱਧੂ ਦੀ ਹੋਈ ਅੰਤਿਮ ਅਰਦਾਸ





ਤਲਵੰਡੀ ਸਾਬੋ, 01 ਫਰਵਰੀ (ਗੁਰਜੰਟ ਸਿੰਘ ਨਥੇਹਾ)- ਪਿੰਡ ਮਲਕਾਣਾ ਦੇ ਸਵ.ਸ੍ਰ.ਤੇਜਾ ਸਿੰਘ ਉਰਫ਼ ਗੁਰਤੇਜ ਸਿੰਘ ਸਿੱਧੂ ਦੀ ਅੰਤਮ ਅਰਦਾਸ ਗੁਰਦੁਆਰਾ ਪ੍ਰਗਟਸਰ ਪਿੰਡ ਮਲਕਾਣਾ ਵਿਖੇ ਕੀਤੀ ਗਈ, ਜਿਸ ਮੌਕੇ ਸ੍ਰੀ ਸਹਿਜ ਪਾਠਾਂ ਦੇ ਭੋਗ ਪਾਏ ਗਏ ਉਪਰੰਤ ਰਾਗੀ ਜਥੇ ਨੇ ਰਸ ਭਿੰਨਾ ਸ਼ਬਦ ਕੀਰਤਨ ਸਰਵਣ ਕਰਵਾਇਆ। ਇਸ ਮੌਕੇ ਜਿੱਥੇ ਰਿਸ਼ਤੇਦਾਰ, ਸਾਕ ਸਬੰਧੀ, ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਨੇ ਹਾਜ਼ਰੀ ਉਥੇ ਹੀ ਧਾਰਮਿਕ ਜਥੇਬੰਦੀਆਂ ਡੇਰਾ ਬਾਬਾ ਕਿਸ਼ਨ ਦਾਸ ਦੁੱਨੇਵਾਲਾ ਦੇ ਮਹੰਤ ਬਾਬਾ ਜਮਨਾ ਦਾਸ, ਬਾਬਾ ਗਿਆਨ ਦਾਸ ਡੇਰਾ ਰੱਲਾ, ਬਾਬਾ ਮਨਸਾ ਦਾਸ, ਬਾਬਾ ਚਰਨ ਦਾਸ ਅਤੇ ਮੋਹਨ ਸਿੰਘ ਬੰਗੀ ਅਜੈਕਿਟਵ ਮੈਂਬਰ ਸ਼ੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਹਾਜ਼ਰੀ ਭਰੀ।ਇਸ ਮੌਕੇ ਸਮਾਜ ਸੇਵੀ ਅੰਮ੍ਰਿਤਪਾਲ ਸਿੰਘ ਮਲਕਾਣਾ ਨੇ ਆਈਆਂ ਹੋਈਆਂ ਸ਼ਖਸੀਅਤਾਂ ਦਾ ਧੰਨਵਾਦ ਕੀਤਾ ਗਿਆ।ਅੰਮ੍ਰਿਤਪਾਲ ਸਿੰਘ ਮਲਕਾਣਾ ਨੇ ਦੱਸਿਆ ਪਰਿਵਾਰ ਵੱਲੋਂ ਗੁਰਦੁਆਰਾ ਪ੍ਰਗਟਸਰ ਸਾਹਿਬ ਨੂੰ ਕਾਰ ਸੇਵਾ ਲਈ 11000 ਰੁਪਏ ਭੇਂਟ ਕੀਤੇ ਅਤੇ ਡੇਰਾ ਬਾਬਾ ਕਿਸ਼ਨ ਦਾਸ ਦੁਨੇਵਾਲਾ ਲਈ 8500 ਰੁਪਏ ਸੇਵਾ ਲਈ ਭੇਂਟ ਕੀਤੇ।



### ਭਾਜਪਾ ਸੰਸਦ ਮੈਂਬਰ ਸਮੇਤ ਪੁਲਿਸ ਮੁਲਾਜ਼ਮਾਂ ਵਲੋਂ ਗੁਰਦੁਆਰੇ 'ਤੇ ਕੀਤਾ ਗਿਆ ਨਾਜਾਇਜ਼ ਕਬਜ਼ਾ

# ਅਦਾਲਤ ਦੇ ਆਦੇਸ਼ਾਂ 'ਤੇ ਹੋਇਆ ਮਾਮਲਾ ਦਰਜ

ਨਵੀਂ ਦਿੱਲੀ 1 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਹਾਈਕੋਰਟ ਦੇ ਹੁਕਮਾਂ ਤੋਂ ਬਾਅਦ ਗੋਂਡਾ ਦੇ ਸੰਸਦ ਮੈਂਬਰ ਕੀਰਤੀਵਰਧਨ ਸਿੰਘ ਉਰਫ ਰਾਜਾ ਭਈਆ ਖਿਲਾਫ ਲੁੱਟ ਦਾ ਮਾਮਲਾ ਦਰਜ ਕੀਤਾ ਗਿਆ ਹੈ। ਇਸ ਦੇ ਨਾਲ ਹੀ ਦੋ ਥਾਣੇਦਾਰਾਂ ਸਮੇਤ 12 ਵਿਅਕਤੀਆਂ ਖ਼ਲਿਾਫ਼ ਕੇਸ ਦਰਜ ਕੀਤਾ ਗਿਆ ਹੈ। ਮਾਮਲੇ ਵਿਚ ਦੋਸ਼ੀ ਪਾਏ ਜਾਣ 'ਤੇ ਸੰਸਦ ਮੈਂਬਰ ਕੀਰਤੀ ਵਰਧਨ ਸਿੰਘ ਨੂੰ ਤਿੰਨ ਸਾਲ ਤੱਕ ਦੀ ਸਜ਼ਾ ਹੋ ਸਕਦੀ ਹੈ।ਅਦਾਲਤ ਦੇ ਹੁਕਮਾਂ 'ਤੇ ਭਾਜਪਾ ਸੰਸਦ ਮੈਂਬਰ ਕੀਰਤੀ ਵਰਧਨ ਦੇ ਖਿਲਾਫ ਮਾਮਲਾ ਦਰਜ ਕੀਤਾ ਗਿਆ ਹੈ। ਸੰਸਦ ਮੈਂਬਰ ਰਾਜਾ ਭਈਆ 'ਤੇ ਮਾਣਕਪੁਰ ਦੇ ਗੁਰਦੁਆਰੇ ਉਪਰ ਨਾਜਾਇਜ਼ ਕਬਜ਼ੇ, ਹਮਲਾ ਅਤੇ ਲੁੱਟ ਦੇ ਦੋਸ਼ ਹਨ। 18 ਜਨਵਰੀ ਨੂੰ ਗੋਂਡਾ ਦੀ ਸੰਸਦ ਮੈਂਬਰ/ਵਿਧਾਇਕ ਅਦਾਲਤ ਨੇ ਕੇਸ ਦਰਜ ਕਰਨ ਦਾ ਹੁਕਮ ਦਿੱਤਾ ਸੀ ਜਿਸ ਦੇ ਬਾਵਜੂਦ ਵੀ ਪੁਲਿਸ ਚੁੱਪ ਰਹੀ। ਪੁਲਿਸ ਪ੍ਰਸ਼ਾਸਨ ਦੀ ਮਨਮਾਨੀ ਨੂੰ ਦੇਖਦਿਆਂ ਪੀੜਤ ਧਿਰ ਨੇ ਹਾਈ ਕੋਰਟ ਵਿੱਚ ਅਪੀਲ ਦਾਇਰ ਕੀਤੀ।ਜਿਸ 'ਤੇ ਸੁਣਵਾਈ ਕਰਦੇ ਹੋਏ ਹਾਈਕੋਰਟ ਨੇ ਪੁਲਿਸ ਸੁਪਰਡੈਂਟ ਗੋਂਡਾ ਨੂੰ ਮਾਮਲਾ ਦਰਜ ਕਰਨ ਦੇ ਹੁਕਮ ਦਿੱਤੇ ਹਨ। ਹੁਣ 12 ਦਿਨਾਂ ਬਾਅਦ ਰਾਜਾ ਭਈਆ ਖਿਲਾਫ ਪੁਲਿਸ ਪ੍ਰਸ਼ਾਸਨ ਹਰਕਤ 'ਚ ਆਇਆ ਹੈ। ਇਸ ਮਾਮਲੇ ਵਿੱਚ ਇਲਾਹਾਬਾਦ ਹਾਈਕੋਰਟ ਦੀ ਲਖਨਊ ਬੈਂਚ ਨੇ ਦੋਸ਼ੀ ਤਤਕਾਲੀ ਕੋਤਵਾਲ ਸੁਧੀਰ ਸਿੰਘ ਅਤੇ ਕ੍ਰਾਈਮ ਇੰਸਪੈਕਟਰ ਅਰੁਣ ਰਾਏ ਦਾ ਜ਼ਲ੍ਹਿੇ ਤੋਂ ਤਬਾਦਲਾ ਕਰ ਦਿੱਤਾ ਸੀ, ਦੋਵਾਂ ਨੂੰ ਵੀ ਮਾਮਲੇ ਅੰਦਰ ਨਾਮਜ਼ਦ ਕੀਤਾ ਗਿਆ ਸੀ।



ਪੀੜਤ ਗੁਰਬਚਨ ਕੌਰ ਨੇ ਦੱਸਿਆ ਕਿ ਉਸ ਦਾ ਘਰ ਅਤੇ ਗੁਰਦੁਆਰਾ ਮਾਣਕਪੁਰ ਮੁਹੱਲਾ ਭਗਤ ਸਿੰਘ ਨਗਰ ਵਿੱਚ ਹੈ। 13 ਸਤੰਬਰ 2023 ਨੂੰ ਸੰਸਦ ਮੈਂਬਰ ਸੁਧੀਰ ਕੁਮਾਰ ਅਤੇ ਅਰੁਣ ਰਾਏ ਨੇ ਆਪਣੇ ਸਮਰਥਕਾਂ ਨਾਲ ਮਿਲ ਕੇ ਉਨ੍ਹਾਂ ਨੂੰ ਧਮਕੀਆਂ ਦੇ ਕੇ ਘਰ ਅਤੇ ਗੁਰਦੁਆਰੇ 'ਤੇ ਕਬਜ਼ਾ ਕਰਨ ਦੀ ਕੋਸ਼ਸ਼ਿ ਕੀਤੀ। ਇਸ ਤੋਂ ਬਾਅਦ 15 ਸਤੰਬਰ ਨੂੰ ਇੰਸਪੈਕਟਰ ਅਰੁਣ ਕੁਮਾਰ ਰਾਏ 15 ਪੁਲਿਸ ਮੁਲਾਜ਼ਮਾਂ ਦੇ ਨਾਲ ਮੌਕੇ 'ਤੇ ਪਹੁੰਚੇ ਅਤੇ ਗੁਰਦੁਆਰਾ ਖਾਲੀ ਕਰਨ ਦੀਆਂ ਧਮਕੀਆਂ ਦੇਣ ਲੱਗੇ। ਇਸ ਤਰ੍ਹਾਂ ਸੰਸਦ ਮੈਂਬਰ ਅਤੇ ਉਸ ਦੇ ਲੋਕਾਂ ਨੇ ਘਰ ਅਤੇ ਗੁਰਦੁਆਰੇ 'ਤੇ ਕਬਜ਼ਾ ਕਰ ਲਿਆ। ਇਸ ਮਾਮਲੇ 'ਤੇ ਐੱਸਪੀ ਗੋਂਡਾ ਵਿਨੀਤ ਜੈਸਵਾਲ ਦਾ ਕਹਿਣਾ ਹੈ ਕਿ ਸੰਸਦ ਮੈਂਬਰ/ਵਿਧਾਇਕ ਅਦਾਲਤ ਦੇ ਹੁਕਮਾਂ 'ਤੇ ਮਾਣਕਪੁਰ ਕੋਤਵਾਲੀ 'ਚ ਮਾਮਲਾ ਦਰਜ ਕੀਤਾ ਗਿਆ ਹੈ। ਅਦਾਲਤ ਦੇ ਹੁਕਮਾਂ 'ਤੇ ਕਾਰਵਾਈ ਕੀਤੀ ਜਾ ਰਹੀ ਹੈ। ਸੰਸਦ ਮੈਂਬਰ ਕੀਰਤੀਵਰਧਨ ਸਿੰਘ ਅਤੇ ਹੋਰ ਮੁਲਜ਼ਮਾਂ ਖ਼ਲਿਾਫ਼ ਕੇਸ ਦੀ ਪੂਰੀ ਪਾਰਦਰਸ਼ਤਾ ਨਾਲ ਜਾਂਚ ਕੀਤੀ ਜਾਵੇਗੀ।

# ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਨੇ ਆਮ ਲੋਕਾਂ ਦੇ ਹੀ ਸੰਵਿਧਾਨਿਕ ਅਧਿਕਾਰਾਂ ਨੂੰ ਕੁਚਲਿਆ : ਉਪਕਾਰ ਸਿੰਘ ਸੰਧੂ



## ਸੰਧੂ ਵੱਲੋਂ ਪਾਰਟੀ ਪ੍ਰਧਾਨ ਸ੍ਰ ਸਿਮਰਨਜੀਤ ਸਿੰਘ ਮਾਨ ਅਤੇ ਹੋਰ ਪਾਰਟੀ ਮੈਂਬਰਾਂ ਨੂੰ ਭਾਨਾਂ ਸਿੱਧੂ ਮਾਮਲੇ ਵਿੱਚ ਹਾਊਸ ਅਰੈਸਟ ਕਰਨ ਦੀ ਘੋਰ ਨਿੰਦਿਆ

**ਅੰਮ੍ਰਿਤਸਰ, 1 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ( ਅੰਮ੍ਰਿਤਸਰ ) ਦੇ ਪੀ ਏ ਸੀ ਮੈਂਬਰ ਅਤੇ ਕੌਮੀ ਜਰਨਲ ਸਕੱਤਰ ਸ੍ਰ ਉਪਕਾਰ ਸਿੰਘ ਸੰਧੂ ਨੇ ਪਾਰਟੀ ਸੁਪਰੀਮੋ ਸ੍ਰ ਸਿਮਰਨਜੀਤ ਸਿੰਘ ਦੀਆਂ ਹਦਾਇਤਾਂ ਤੇ ਭਾਨੇ ਸਿੱਧੂ ਦੇ ਹੱਕ ਵਿੱਚ ਧੂਰੀ ਵਿਖੇ ਰੇਲ ਰੋਕੋ ਧਰਨੇ ਦੇ ਐਲਾਨ ਤੋਂ ਬਾਅਦ ਸ੍ਰ ਸਿਮਰਨਜੀਤ ਸਿੰਘ ਮਾਨ ਅਤੇ ਹੋਰ ਪਾਰਟੀ ਨੇਤਾਵਾਂ ਨੂੰ ਹਾਊਸ ਅਰੈਸਟ ਕੀਤੇ ਜਾਣ ਦੀ ਘੋਰ ਨਿੰਦਿਆ ਕੀਤੀ ਹੈ। ਅੰਮ੍ਰਿਤਸਰ ਤੋਂ ਜਿਲਾ ਪ੍ਰੈਸ ਸਕੱਤਰ ਸ੍ਰ ਸ਼ਮਸ਼ੇਰ ਸਿੰਘ ਪੱਧਰੀ ਦੁਆਰਾ ਜਾਰੀ ਕੀਤੇ ਗਏ ਪ੍ਰੈਸ ਨੋਟ ਰਾਹੀਂ ਸ੍ਰ ਉਪਕਾਰ ਸਿੰਘ ਸੰਧੂ ਨੇ ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਇਸ ਕਾਰਵਾਈ ਤੇ ਵਿਰੋਧ ਜਤਾਉਂਦਿਆਂ ਹੋਇਆਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਨੇ ਹੀ ਆਮ ਲੋਕਾਂ ਦੇ ਸੰਵਿਧਾਨਿਕ ਅਧਿਕਾਰਾਂ ਨੂੰ ਕੁਚਲ ਕੇ ਰੱਖ ਦਿੱਤਾ ਹੈ, ਉਹਨਾਂ ਕਿਹਾ ਕਿ ਇੰਝ ਲਗਦਾ ਹੈ ਕਿ ਸ੍ਰ ਭਗਵੰਤ ਸਿੰਘ ਮਾਨ ਨੂੰ ਪੰਜਾਬ ਦੀ ਨੌਜਵਾਨੀ ਨਾਲ ਖ਼ਾਸੀ ਨਫ਼ਰਤ ਹੋ ਗਈ ਲਗਦੀ ਹੈ ਜਿਸ ਕਰਕੇ ਆਏ ਦਿਨ ਕਿਸੇ ਨਾਂ ਕਿਸੇ ਬਹਾਨੇ ਇਕ ਤਾਂ ਪੰਜਾਬ ਦੇ ਨੌਜਵਾਨਾਂ ਨੂੰ ਝੂਠੇ ਮੁਕਾਬਲਿਆਂ ਦਾ ਸ਼ਿਕਾਰ ਬਣਾ ਰਹੇ ਹਨ ਅਤੇ ਜੇਕਰ ਕੋਈ ਨੌਜਵਾਨ ਪੰਜਾਬ ਦੇ ਭਲੇ ਦੀ ਗੱਲ ਕਰਦਾ ਹੈ ਜਾਂ ਪੰਜਾਬ ਦੇ ਲੋਕਾਂ ਦੇ ਭਲੇ ਦੀ ਗੱਲ ਕਰਦਾ ਹੈ ਤਾਂ ਉਸਤੇ ਝੂਠੇ ਪਰਚੇ ਪਾਕੇ ਜੇਲਾਂ ਵਿੱਚ ਸੁੱਟ ਦਿੱਤਾ ਜਾਂਦਾ ਹੈ। ਉਹਨਾਂ ਕਿਹਾ ਕਿ ਇੱਥੇ ਹੀ ਬੱਸ ਨਹੀਂ ਜੇਕਰ ਸਾਡੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਲੋਕ ਅਵਾਜ਼ ਬਣਦੇ ਹੋਏ ਭਾਨੇ ਸਿੱਧੂ ਦੇ ਹੱਕ ਵਿੱਚ ਆਪਣੇ ਸੰਵਿਧਾਨਿਕ ਅਧਿਕਾਰਾਂ ਦੀ ਵਰਤੋਂ ਕਰਦਿਆਂ ਅੱਜ 1 ਫਰਵਰੀ ਨੂੰ ਸ਼ਾਂਤਮਈ ਤਰੀਕੇ ਨਾਲ ਧੂਰੀ ਵਿਖੇ ਰੇਲ ਰੋਕੋ ਧਰਨੇ ਦਾ ਐਲਾਨ ਕੀਤਾ ਤਾਂ ਉਸਤੋਂ ਪਹਿਲਾਂ ਹੀ ਪਾਰਟੀ ਪ੍ਰਧਾਨ ਸ੍ਰ ਸਿਮਰਨਜੀਤ ਸਿੰਘ ਮਾਨ ਅਤੇ ਹੋਰ ਸੀਨੀਅਰ ਲੀਡਰਾਂ ਤੇ ਵਰਕਰਾਂ ਨੂੰ ਪੁਲਿਸ ਵੱਲੋਂ ਘਰਾਂ ਵਿੱਚ ਨਜ਼ਰਬੰਦ ਕਰ ਦਿੱਤਾ ਗਿਆ ਹੈ ਜੋ ਕਿ ਲੋਕਤੰਤਰ ਦਾ ਬਹੁਤ ਵੱਡਾ ਘਾਣ ਹੈ। ਸ੍ਰ ਸੰਧੂ ਨੇ ਭਗਵੰਤ ਮਾਨ ਵੱਲੋਂ ਕੀਤੀਆਂ ਜਾ ਰਹੀਆਂ ਲਗਾਤਾਰ ਅਜਿਹੀਆਂ ਕਾਰਵਾਈਆਂ ਤੇ ਬੋਲਦਿਆਂ ਹੋਇਆ ਕਿਹਾ ਕਿ ਸ੍ਰ ਭਗਵੰਤ ਸਿੰਘ ਮਾਨ ਨੇ ਪੰਜਾਬ ਦੀ ਸਿਆਸੀ ਲੜਾਈ ਨੂੰ ਜਾਤੀ ਲੜਾਈ ਵਿੱਚ ਬਦਲਕੇ ਰੱਖ ਦਿੱਤਾ ਹੈ ਜਿਸ ਨਾਲ ਪੰਜਾਬੀਆਂ ਦੇ ਦਿਲਾਂ ਵਿੱਚ ਆਮ ਆਦਮੀ ਪਾਰਟੀ ਪ੍ਰਤੀ ਬਹੁਤ ਹੀ ਨਫ਼ਰਤ ਭਰ ਗਈ ਹੈ ਅਤੇ ਇਹ ਆਮ ਆਦਮੀ ਪਾਰਟੀ ਦੇ ਤਾਬੂਤ ਵਿੱਚ ਆਖ਼ਰੀ ਕਿੱਲ ਸਾਬਿਤ ਹੋਵੇਗੀ। ਦੇਸ਼ ਵਿੱਚ ਸੰਵਿਧਾਨਕ ਤੌਰ ਤੇ ਆਪਣੇ ਹੱਕਾਂ ਵਾਸਤੇ ਆਵਾਜ਼ ਉਠਾਉਣ ਦਾ ਹਰੇਕ ਨਾਗਰਿਕ ਨੂੰ ਪੂਰਨ ਅਧਿਕਾਰ ਹੁੰਦਾ ਹੈ ਅਤੇ ਜੇ ਕੋਈ ਵੀ ਸੱਤਾ ਧਿਰ ਹੱਕ-ਸੱਚ ਨੂੰ ਦਬਾਉਂਦੀ ਹੈ ਤਾਂ ਇਹ ਸੰਵਿਧਾਨਕ ਤੌਰ ਤੇ ਹਰੇਕ ਦੇਸ਼ ਦੀ ਸ਼ਾਖ ਨੂੰ ਪੂਰੀ ਵਿੱਚ ਕਮਜ਼ੋਰ ਬਣਾਉਂਦਾ ਹੈ, ਜਦੋਂ ਕਿ ਉਥੋਂ ਦੇ ਨਾਗਰਿਕਾਂ ਦੇ ਅਧਿਕਾਰਾਂ ਦੀਆਂ ਪੂਰਤੀਆਂ ਹੀ ਦੇਸ਼ਾਂ ਦੀਆਂ ਮਜਬੂਤੀਆਂ ਬਣਦੀਆਂ ਹਨ ਪਰੰਤੂ ਅਜਿਹਾ ਨਾ ਕਰਕੇ ਸ੍ਰ ਭਗਵੰਤ ਮਾਨ ਇਸਦੇ ਬਿਲਕੁਲ ਵਿਪਰੀਤ ਚੱਲ ਰਹੇ ਹਨ। ਸ੍ਰ ਸੰਧੂ ਨੇ ਕਿਹਾ ਕਿ ਆਮ ਲੋਕਾਂ ਦੀ ਅਵਾਜ਼ ਬਣ ਚੁੱਕੇ ਨੌਜਵਾਨ ਭਾਨਾਂ ਸਿੱਧੂ ਅਤੇ ਹੋਰ ਵੀ ਅਜਿਹੇ ਨੌਜਵਾਨਾਂ ਦੀ ਪਿੱਠ ਤੇ ਸ਼੍ਰੋਮਣੀ ਅਕਾਲੀ ਦਲ ( ਅੰਮ੍ਰਿਤਸਰ ) ਹਮੇਸ਼ਾਂ ਚੱਟਾਨ ਵਾਂਗ ਖੜਾ ਹੈ ਅਤੇ ਖੜਾ ਰਹੇਗਾ। ਜਨਤਾ ਦੇ ਹੱਕਾਂ ਲਈ ਸੰਵਿਧਾਨਿਕ ਤੌਰ ਤੇ ਕੀਤੇ ਜਾਣ ਵਾਲੇ ਵਿਰੋਧਾਂ ਨੂੰ ਕਦੀ ਵੀ ਬਲ-ਪੂਰਵਕ ਦਬਾਇਆ ਨਹੀਂ ਜਾ ਸਕਦਾ ਇਹ ਭਗਵੰਤ ਸਿੰਘ ਮਾਨ ਨੂੰ ਆਪਣੀਂ ਹੀ ਪਾਰਟੀ ਦੇ ਪਿਛੋਕੜ ਵੱਲ ਝਾਤ ਮਾਰਕੇ ਸਬਕ ਲੈਣਾਂ ਚਾਹੀਦਾ ਹੈ ਅਤੇ ਜੋ ਪਾਰਟੀ ਆਮ ਲੋਕਾਂ ਦੀ ਗੱਲ ਕਰਦਿਆਂ - ਕਰਦਿਆਂ ਖ਼ਾਸ ਰੁਤਬਿਆਂ ਤੇ ਪਹੁੰਚਕੇ ਫਿਰ ਉਹਨਾਂ ਹੀ ਲੋਕਾਂ ਦੀ ਅਵਾਜ ਨੂੰ ਦਬਾਉਂਦੀ ਹੈ ਤਾਂ ਇਹ ਬਹੁਤ ਹੀ ਨੀਵੇਂ ਦਰਜੇ ਦੀ ਕਾਰਗੁਜ਼ਾਰੀ ਸਾਬਿਤ ਹੁੰਦੀ ਹੈ। ਸ੍ਰ ਸੰਧੂ ਨੇ ਕਿਹਾ ਕਿ ਪੰਜਾਬ ਦੇ ਲੋਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲੱਗਭੱਗ ਦੋ ਸਾਲ ਦੇ ਕਾਰਜਭਾਗ ਵਿੱਚ ਕੀਤੀਆਂ ਕਾਰਵਾਈਆਂ ਤੋਂ ਪੂਰੀ ਤਰਾਂ ਨਿਰਾਸ਼ ਹੋ ਚੁੱਕੇ ਹਨ ਅਤੇ ਆਪਣੇ ਆਪ ਨੂੰ ਠੱਗਿਆ ਮਹਿਸੂਸ ਕਰ ਰਹੇ ਜਿਸ ਨਤੀਜੇ ਆਮ ਆਦਮੀ ਪਾਰਟੀ ਨੂੰ ਜਲਦ ਹੀ ਭੁਗਤਣੇਂ ਪੈਣਗੇ।

# ਨੈਸ਼ਨਲ ਡੀ ਵਾਰਮਿੰਗ ਡੇਅ ਸੰਬਧੀ ਜ਼ਿਲ੍ਹਾ ਟਾਸਕ ਫੋਰਸ ਦੀ ਕੀਤੀ ਮੀਟਿੰਗ



**ਅੰਮ੍ਰਿਤਸਰ, 1.ਫ਼ਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਵਲ ਸਰਜਨ ਡਾ. ਵਿਜੇ ਕੁਮਾਰ ਦੀ ਪ੍ਰਧਾਨਗੀ ਹੇਠ ਨੈਸ਼ਨਲ ਡੀ- ਵਾਰਮਿੰਗ ਦਿਵਸ ਦੀ ਜ਼ਿਲ੍ਹਾ ਟਾਸਕ ਫੋਰਸ ਦੀ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਡਾ. ਸੂਨੀਤ ਨੇ ਦਸਿਆ ਗਿਆ ਕਿ ਨੈਸ਼ਨਲ ਡੀ-ਵਾਰਮਿੰਗ ਦਿਵਸ 05 ਫਰਵਰੀ 2024 ਦਿਨ ਸੋਮਵਾਰ ਅਤੇ ਮੋਪ- ਅਪ ਦਿਵਸ 12 ਫਰਵਰੀ 2024 ਨੂੰ ਮਨਾਇਆ ਜਾਵੇਗਾ। ਜਿਸ ਵਿੱਚ 1 ਸਾਲ ਤੋਂ ਲੈ ਕੇ 19 ਸਾਲ ਤੱਕ ਦੇ ਸਾਰੇ ਬੱਚਿਆਂ ਨੰ ਅਲਬੈਂਡਾਜੋਲ ਦੀ ਗੋਲੀ ਖਵਾਈ ਜਾਵੇਗੀ। ਡਾ. ਨਿਲਮ ਭਗਤ, ਜ਼ਿਲ੍ਹਾ ਪਰਿਵਾਰ ਭਲਾਈ ਅਫਸਰ ਨੇ ਦਸਿਆ ਕਿ ਇਸ ਗੋਲੀ ਨੂੰ ਮਿਡ-ਡੇ ਮੀਲ ਤੋਂ ਬਾਅਦ ਖੁਵਾਇਆ ਜਾਵੇ ਅਤੇ ਨਾਲ ਹੀ ਸਾਫ ਪੀਣ ਵਾਲੇ ਪਾਣੀ ਦਾ ਇਤਜ਼ਾਮ ਕੀਤਾ ਜਾਵੇ। ਦਵਾਈ ਖਾਣ ਨਾਲ ਕਿਸੇ ਦੁਰ ਪ੍ਰਭਾਵ ਹੋਣ ਤੇ ਨੇੜੇ ਦੇ ਹੈਲਥ ਸੈਂਟਰਾਂ ਦੀਆਂ ਐਮਮਰਜੈਂਸੀ ਰਿਸਪੋਂਸ ਟੀਮਾਂ ਨਾਲ ਸੰਮਰਕ ਕੀਤਾ ਜਾਵੇ। ਇਸ ਮੋਹਿੰਮ ਤਹਿਤ ਅੰਮ੍ਰਿਤਸਰ ਦੇ ਲਗਭਗ 1306 ਸਰਕਾਰੀ ਅਤੇ ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਵਿੱਚ ਲਗਭਗ 2,23,000 ਬੱਚੇ, 885 ਪ੍ਰਾਈਵੇਟ ਸਕੂਲਾਂ ਵਿੱਚ ਲਗਭਗ 3,26,000 ਬੱਚੇ ਅਤੇ 1859 ਆਂਗਨਵਾੜੀ ਸੈਂਟਰਾਂ ਵਿੱਚ ਲਗਭਗ 1,72,000 ਬੱਚਿਆਂ ਨੂੰ ਕਵਰ ਕੀਤਾ ਜਾਵੇਗਾ। ਇਸ ਟਾਸਕ ਫੋਰਸ ਮੀਟਿੰਗ ਵਿੱਚ ਸਿਹਤ ਵਿਭਾਗ ਤੋਂ ਸਮੂਹ ਐਸ. ਐਮ. ਓ., ਨੋਡਲ ਅਫਸਰ, ਜ਼ਿਲ੍ਹਾ ਬੀ.ਸੀ.ਜੀ. ਅਫਸਰ ਡਾ. ਮਨਮੀਤ ਕੌਰ, ਡਿਪਟੀ ਮਾਸ ਮੀਡੀਆਂ ਅਫਸਰ ਕਮਲਦੀਪ ਭੱਲਾ ਤੋਂ ਇਲਾਵਾ ਸਿਖਿਆ ਵਿਭਾਗ, ਸਮਾਜਿਕ ਸੁਰਖਿਆ ਅਤੇ ਇਸਤਰੀ ਬਾਲ ਵਿਕਾਸ ਵਿਭਾਗ, ਵਾਟਰ ਅਤੇ ਸੈਨੀਟੇਸ਼ਨ ਵਿਭਾਗ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਨੁਮਾਇੰਦੇ ਨੇ ਹਿੱਸਾ ਲਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਿਮਰਨਜੀਤ ਸਿੰਘ ਮਾਨ ਵੱਲੋਂ ਰੱਖੇ ਗਏ ਜ਼ਮਹੂਰੀਅਤ ਢੰਗ ਵਾਲੇ ਧੂਰੀ ਧਰਨੇ ਦੇ ਸੰਬੰਧ ਵਿਚ

# ਸਰਕਾਰ ਵੱਲੋਂ ਗੈਰ-ਕਾਨੂੰਨੀ ਢੰਗ ਨਾਲ ਕੀਤੀਆ ਗ੍ਰਿਫਤਾਰੀਆਂ ਨਿੰਦਣਯੋਗ : ਟਿਵਾਣਾ


**ਨਵੀਂ ਦਿੱਲੀ, 1 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:-"29 ਜਨਵਰੀ ਨੂੰ ਬਰਨਾਲਾ ਜ਼ਿਲ੍ਹੇ ਦੇ ਪਿੰਡ ਕੋਟਦੂਨੇ ਵਿਖੇ ਪੰਜਾਬ ਸੂਬੇ ਨਾਲ ਸੰਬੰਧਤ ਸਭ ਸਿਆਸੀ, ਧਾਰਮਿਕ, ਕਿਸਾਨੀ ਜਥੇਬੰਦੀਆਂ ਤੇ ਸੰਗਠਨਾਂ ਵੱਲੋ ਸਾਂਝੇ ਤੌਰ ਤੇ ਲੱਖਾਂ ਦਾ ਇਕੱਠ ਕਰਕੇ ਪੰਜਾਬ ਸਰਕਾਰ ਦੀਆਂ ਗੈਰ ਵਿਧਾਨਿਕ ਅਤੇ ਤਾਨਾਸਾਹੀ ਨੀਤੀਆ ਤੇ ਅਮਲਾਂ ਵਿਰੁੱਧ ਚੁਣੋਤੀ ਦਿੰਦੇ ਹੋਏ ਖ਼ਬਰਦਾਰ ਕੀਤਾ ਗਿਆ ਸੀ ਕਿ ਸਰਕਾਰ ਸ. ਭਾਨਾ ਸਿੱਧੂ ਵਰਗੇ ਸੋਸਲ ਵਰਕਰ ਉਤੇ ਝੂਠੇ ਕੇਸ ਦਰਜ ਕਰਕੇ ਜੋ ਉਨ੍ਹਾਂ ਨੂੰ ਜ਼ਲੀਲ ਕਰ ਰਹੀ ਹੈ ਅਤੇ ਉਨ੍ਹਾਂ ਦੀ ਕਿਰਦਾਰਕੁਸੀ ਕਰਨ ਦੀ ਅਸਫ਼ਲ ਕੋਸ਼ਿਸ਼ ਕਰ ਰਹੀ ਹੈ । ਉਸ ਨੂੰ ਪੰਜਾਬੀ ਤੇ ਸਿੱਖ ਕੌਮ ਸਹਿਣ ਨਹੀ ਕਰਨਗੇ । ਇਸ ਲਈ ਜਿੰਨੀ ਜਲਦੀ ਹੋ ਸਕੇ ਬੇਕਸੂਰ, ਨਿਰਦੋਸ਼ ਭਾਨਾ ਸਿੱਧੂ ਨੂੰ ਤੁਰੰਤ ਬਿਨ੍ਹਾਂ ਸ਼ਰਤ ਰਿਹਾਅ ਕੀਤਾ ਜਾਵੇ । ਲੇਕਿਨ ਸਰਕਾਰ ਨੇ ਮੰਦਭਾਵਨਾ ਅਧੀਨ ਪੰਜਾਬੀਆਂ ਤੇ ਸਿੱਖ ਕੌਮ ਦੀ ਆਤਮਾ ਦੀ ਆਵਾਜ ਨੂੰ ਸੁਣਨ ਦੀ ਬਜਾਇ ਸ. ਭਾਨਾ ਸਿੱਧੂ ਉਤੇ ਹੋਰ ਝੂਠੇ ਕੇਸ ਦਰਜ ਕਰਕੇ ਉਸ ਉਤੇ ਤਸੱਦਦ ਢਾਹੁਣ ਦੇ ਦੁੱਖਦਾਇਕ ਅਮਲ ਕਰ ਰਹੀ ਹੈ । ਜਿਸ ਨੂੰ ਮੁੱਖ ਰੱਖਦੇ ਹੋਏ ਸ. ਸਿਮਰਨਜੀਤ ਸਿੰਘ ਮਾਨ ਐਮ.ਪੀ ਅਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ 01 ਫਰਵਰੀ ਨੂੰ ਧੂਰੀ ਦੇ ਦੋਹਲਾ ਫਾਟਕ ਵਿਖੇ ਰੇਲ ਗੱਡੀਆਂ ਰੋਸ ਵੱਜੋ ਰੋਕਣ ਦਾ ਪ੍ਰੋਗਰਾਮ ਐਲਾਨਿਆ ਸੀ । ਜਿਸਨੂੰ ਪ੍ਰਵਾਨ ਕਰਦੇ ਹੋਏ ਪੰਜਾਬੀਆਂ ਤੇ ਸਿੱਖ ਕੌਮ ਵਿਚ ਬਹੁਤ ਵੱਡਾ ਉਤਸਾਹ ਸੀ । ਲੇਕਿਨ ਸਰਕਾਰ ਨੇ ਫਿਰ ਜ਼ਬਰ ਕਰਦੇ ਹੋਏ ਸ. ਸਿਮਰਨਜੀਤ ਸਿੰਘ ਮਾਨ ਨੂੰ ਉਨ੍ਹਾਂ ਦੇ ਗ੍ਰਹਿ ਕਿਲ੍ਹਾ ਸ. ਹਰਨਾਮ ਸਿੰਘ ਵਿਖੇ ਤੜਕੇ 5 ਵਜੇ ਭਾਰੀ ਪੁਲਿਸ ਫੋਰਸ, ਜੀਪਾਂ ਤੇ ਗੱਡੀਆਂ ਨਾਲ ਲੈਕੇ ਘੇਰ ਲਿਆ ਅਤੇ ਉਨ੍ਹਾਂ ਨੂੰ ਘਰ ਵਿਚ ਨਜਰਬੰਦ ਕਰ ਦਿੱਤਾ ਗਿਆ । ਇਸ ਤੋ ਇਲਾਵਾ ਸਮੁੱਚੇ ਪੰਜਾਬ ਵਿਚ ਧੂਰੀ ਵਿਖੇ ਪਹੁੰਚਣ ਵਾਲੇ ਪਾਰਟੀ ਵਰਕਰਾਂ ਤੇ ਹਮਦਰਦਾਂ ਨੂੰ ਘਰਾਂ ਵਿਚੋ ਹੀ ਚੁੱਕ ਲਿਆ ਗਿਆ ਅਤੇ ਥਾਂ-ਥਾਂ ਤੇ ਪੰਜਾਬ ਵਿਚ ਬੈਰੀਕੇਡ ਲਗਾਕੇ ਧੂਰੀ ਵਿਖੇ ਪਹੁੰਚਣ ਤੋ ਜਬਰੀ ਰੋਕਿਆ ਗਿਆ । ਇਹ ਅਮਲ ਸਾਨੂੰ ਵਿਧਾਨ ਦੀ ਧਾਰਾ 14, 19, 21 ਰਾਹੀ ਮਿਲੇ ਆਜਾਦੀ ਤੇ ਨਿਰਪੱਖਤਾ ਨਾਲ ਜਮਹੂਰੀ ਅਧਿਕਾਰਾਂ ਦੀ ਘੋਰ ਉਲੰਘਣਾ ਹੈ । ਜਿਸਦੀ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦਾ ਹੈ ।" ਇਹ ਵਿਚਾਰ ਸ. ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪੰਜਾਬ ਦੀ ਸ. ਭਗਵੰਤ ਸਿੰਘ ਮਾਨ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋ ਪੰਜਾਬੀਆਂ ਅਤੇ ਸਿੱਖ ਕੌਮ ਉਤੇ ਅਣਮਨੁੱਖੀ ਅਤੇ ਗੈਰ ਵਿਧਾਨਿਕ ਢੰਗਾਂ ਰਾਹੀ ਕੀਤੇ ਜਾ ਰਹੇ ਜ਼ਬਰ ਜੁਲਮ ਅਤੇ ਕੀਤੀਆ ਜਾ ਰਹੀਆ ਗ੍ਰਿਫਤਾਰੀਆਂ ਤੇ ਸ. ਸਿਮਰਨਜੀਤ ਸਿੰਘ ਮਾਨ ਦੀ ਨਜਰਬੰਦੀ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦੇ ਹੋਏ ਅਤੇ ਇਸਦੇ ਇਵਜ ਵੱਜੋ ਉੱਠ ਰਹੇ ਰੋਹ ਤੋ ਪੈਦਾ ਹੋਣ ਵਾਲੇ ਵਿਸਫੋਟਕ ਹਾਲਾਤਾਂ ਲਈ ਸਰਕਾਰ ਨੂੰ ਖ਼ਬਰਦਾਰ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿਚੋ ਵੱਡੀ ਗਿਣਤੀ ਵਿਚ ਜਦੋ ਸੰਗਤਾਂ ਧੂਰੀ ਧਰਨੇ ਲਈ ਚਾਲੇ ਪਾਉਦੇ ਹੋਏ ਜਾ ਰਹੀਆ ਸਨ, ਤਾਂ ਸਭ ਜ਼ਿਲ੍ਹਿਆਂ ਵਿਚ ਥਾਂ-ਥਾਂ ਤੇ ਬੈਰੀਕੇਡ ਲਗਾਕੇ ਬੱਸਾਂ ਦੀ ਤਲਾਸੀ ਲੈਕੇ ਨੌਜਵਾਨੀ, ਪੀਲੀਆ ਦਸਤਾਰਾਂ ਤੇ ਦੁਪੱਟਿਆ ਵਾਲਿਆ ਨੂੰ ਗੈਰ ਵਿਧਾਨਿਕ ਢੰਗ ਨਾਲ ਰੋਕਿਆ ਗਿਆ । ਜੋ ਇਥੋ ਦੇ ਨਿਵਾਸੀਆ ਦੇ ਮੁੱਢਲੇ ਅਧਿਕਾਰਾਂ ਦਾ ਹਨਨ ਕਰਨ ਵਾਲੀਆ ਦੁੱਖਦਾਇਕ ਕਾਰਵਾਈਆ ਹਨ । ਅਜਿਹੇ ਅਮਲ ਕਰਕੇ ਸਰਕਾਰ ਸੱਚ ਹੱਕ ਦੀ ਆਵਾਜ, ਪੰਜਾਬ ਸੂਬੇ ਤੇ ਪੰਜਾਬੀਆਂ ਲਈ ਸੰਘਰਸ਼ ਕਰਨ ਵਾਲੀਆ ਸਖਸ਼ੀਅਤਾਂ ਜਾਂ ਭਾਨੇ ਸਿੱਧੂ ਵਰਗੇ ਸੋਸਲ ਵਰਕਰਾਂ ਨੂੰ ਆਪਣੇ ਮਿਸਨ ਤੋ ਨਹੀ ਥਿੜਕਾ ਸਕਦੇ । ਜਾਬਰ ਸਰਕਾਰ ਇਹ ਭੁੱਲ ਗਈ ਹੈ ਕਿ ਪੰਜਾਬੀ ਤੇ ਸਿੱਖ ਕੌਮ ਵੱਡੇ ਤੋ ਵੱਡੇ ਜ਼ਬਰ ਅੱਗੇ ਕਦੀ ਵੀ ਈਨ ਨਹੀ ਮੰਨਦੇ । ਬਲਕਿ ਹਰ ਤਰ੍ਹਾਂ ਦਾ ਸੰਘਰਸ ਤੇ ਕੁਰਬਾਨੀ ਕਰਕੇ ਆਪਣੇ ਇਨਸਾਨੀ ਤੇ ਕੌਮੀ ਮਿਸਨ ਦੀ ਪ੍ਰਾਪਤੀ ਕਰਦੇ ਹਨ । ਇਸ ਲਈ ਸਰਕਾਰ ਜਿੰਨੀ ਜਲਦੀ ਹੋ ਸਕੇ ਸ. ਭਾਨਾ ਸਿੱਧੂ ਨੂੰ ਤੁਰੰਤ ਬਿਨ੍ਹਾਂ ਸ਼ਰਤ ਜਿਥੇ ਰਿਹਾਅ ਕਰਨ ਦੇ ਅਮਲ ਕਰੇ, ਉਥੇ ਪੰਜਾਬ ਦੇ ਵੱਖ-ਵੱਖ ਥਾਣਿਆ ਵਿਚ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਵੱਡੀ ਗਿਣਤੀ ਵਿਚ ਗ੍ਰਿਫਤਾਰ ਕੀਤੇ ਗਏ ਵਰਕਰਾਂ ਤੇ ਅਹੁਦੇਦਾਰਾਂ ਨੂੰ ਵੀ ਤੁਰੰਤ ਰਿਹਾਅ ਕਰੇ । ਸਾਡੇ ਇਸ ਸਮਾਜਿਕ ਤੇ ਨਿਆ ਵਾਲੇ ਮਿਸਨ ਦੀ ਇਖਲਾਕੀ ਤੌਰ ਤੇ ਸਹਿਯੋਗ ਕਰਨ ਵਾਲੇ ਸ. ਪ੍ਰਤਾਪ ਸਿੰਘ ਬਾਜਵਾ, ਬਿਕਰਮਜੀਤ ਸਿੰਘ ਮਜੀਠੀਆ, ਸ. ਸੁਖਪਾਲ ਸਿੰਘ ਖਹਿਰਾ ਅਤੇ ਦਲਬੀਰ ਸਿੰਘ ਗੋਲਡੀ ਦੇ ਸਪਤਨੀ ਅਤੇ ਹੋਰ ਸੰਸਥਾਵਾਂ ਤੇ ਜਥੇਬੰਦੀਆਂ ਜਿਨ੍ਹਾਂ ਨੇ ਆਵਾਜ ਉਠਾਈ ਹੈ ਉਨ੍ਹਾਂ ਸਭਨਾਂ ਦਾ, ਪੰਜਾਬੀਆਂ ਅਤੇ ਸਿੱਖ ਕੌਮ ਦਾ ਸ. ਸਿਮਰਨਜੀਤ ਸਿੰਘ ਮਾਨ ਐਮ.ਪੀ ਅਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਅਤੇ ਉਨ੍ਹਾਂ ਦੇ ਦਫਤਰ ਵੱਲੋ ਤਹਿ ਦਿਲੋ ਜਿਥੇ ਧੰਨਵਾਦ ਕੀਤਾ ਜਾਂਦਾ ਹੈ, ਉਥੇ ਇਹ ਉਮੀਦ ਕੀਤੀ ਜਾਂਦੀ ਹੈ ਕਿ ਹਰ ਤਰ੍ਹਾਂ ਦੇ ਜ਼ਬਰ ਵਿਰੁੱਧ ਸਾਨੂੰ ਉਹ ਇਸੇ ਤਰ੍ਹਾਂ ਨਿਰਪੱਖਤਾ ਨਾਲ ਸਹਿਯੋਗ ਵੀ ਕਰਦੇ ਰਹਿਣਗੇ ਅਤੇ ਜਦੋ ਵੀ ਪੰਜਾਬ ਵਿਚ ਪਾਰਲੀਮੈਟ, ਐਸ.ਜੀ.ਪੀ.ਸੀ, ਵਿਧਾਨ ਸਭਾ ਤੇ ਹੋਰ ਚੋਣਾਂ ਆਉਣ ਤਾਂ ਇਹ ਸਮੁੱਚੇ ਪੰਜਾਬੀ ਤੇ ਸਿੱਖ ਕੌਮ ਪੰਜਾਬ, ਪੰਜਾਬੀਆਂ ਅਤੇ ਪੰਜਾਬੀਅਤ ਦੀ ਰਾਖੀ ਲਈ ਦ੍ਰਿੜਤਾ ਨਾਲ ਲੜਨ ਵਾਲੀ ਜਮਾਤ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੂੰ ਸਹਿਯੋਗ ਕਰਕੇ ਰਾਜ ਸਤ੍ਹਾ ਉਤੇ ਬਿਠਾਉਦੇ ਹੋਏ ਇਥੋ ਦੇ ਪ੍ਰਬੰਧ ਨੂੰ ਹਲੀਮੀ ਰਾਜ ਵਾਲਾ ਬਣਾਉਣ ਵਿਚ ਸਹਿਯੋਗ ਕਰਨਗੇ।



### ਸ਼੍ਰੀ ਅਕਾਲ ਤਖਤ ਸਾਹਿਬ ਵਲੋਂ ਗੁਰਦੁਆਰਾ ਰਾਜੌਰੀ ਗਾਰਡਨ ਦੇ ਪ੍ਰਧਾਨ

# ਹਰਮਨਜੀਤ ਸਿੰਘ 'ਤੇ ਕਮੇਟੀ ਮੈਂਬਰਾਂ ਨੂੰ 3 ਫਰਵਰੀ ਨੂੰ ਪੇਸ਼ ਹੋਣ ਦਾ ਆਦੇਸ਼


### ਮਾਮਲਾ ਗੁਰਦੁਆਰਾ ਸਾਹਿਬ ਦੀ ਗੁੰਬਦ ਤੇ ਭਾਜਪਾਈ ਚਿੰਨ੍ਹ ਕਮਲ ਦਾ ਫੁੱਲ ਰੂਪੀ ਲਾਈਟ ਲਗਾਉਣ ਦਾ




ਨਵੀਂ ਦਿੱਲੀ, 1 ਫਰਵਰੀ (ਮਨਪ੍ਰੀਤ ਸਿੰਘ ਖਾਲਸਾ): ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਰਾਜੌਰੀ ਗਾਰਡਨ ਵਿਖੇ ਮਨਾਏ ਗਏ ਪਹਿਲੀ ਪਾਤਸ਼ਾਹੀ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਕੀਤੀ ਗਈ ਸਜਾਵਟ ਸਬੰਧੀ ਲਗਾਈਆਂ ਗਈਆਂ ਬਿਜਲੀ ਦੀਆਂ ਲੜੀਆਂ ਦੌਰਾਨ ਗੁਰਦੁਆਰਾ ਸਾਹਿਬ ਦੇ ਗੁੰਬਦ ਉੱਪਰ ਇਕ ਰਾਜਨੀਤਿਕ ਪਾਰਟੀ ਭਾਜਪਾ ਦਾ ਚਿੰਨ੍ਹ ਕਮਲ ਦਾ ਫੁੱਲ ਰੂਪੀ ਲਾਈਟ ਲਗਾਉਣ ਨਾਲ ਸੰਗਤਾਂ ਵਿੱਚ ਭਾਰੀ ਰੋਸ ਪੈਦਾ ਹੋਣ ਨਾਲ ਇਕ ਨਵਾਂ ਵਿਵਾਦ ਛਿੜ ਗਿਆ ਸੀ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਤੇ ਸਮਾਜਿਕ ਕਾਰਕੁਨ ਸ. ਇੰਦਰਪ੍ਰੀਤ ਸਿੰਘ ਮੌਂਟੀ ਕੋਛੜ ਨੇ ਦਸਿਆ ਕਿ ਸਥਾਨਕ ਸੰਗਤਾਂ ਦੇ ਕਹਿਣ 'ਤੇ ਉਸ ਸਮੇਂ ਇਸ ਮਸਲੇ ਬਾਰੇ ਸ਼੍ਰੀ ਅਕਾਲ ਤਖਤ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਨਾਲ ਉਚੇਚੇ ਤੌਰ 'ਤੇ ਮੁਲਾਕਾਤ ਕਰਕੇ ਉਨ੍ਹਾਂ ਵਲੋਂ ਇਸ ਮਸਲੇ ਦੀ ਪੜ੍ਹਤਾਲ ਕਰਨ ਅਤੇ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਰਾਜੌਰੀ ਗਾਰਡਨ ਦੇ ਪ੍ਰਬੰਧਕਾਂ ਖ਼ਿਲਾਫ਼ ਬਣਦੀ ਕਾਰਵਾਈ ਕਰਨ ਲਈ ਇਕ ਲਿਖਤੀ ਸ਼ਕਿਾਇਤੀ ਪੱਤਰ ਸ਼ੌਂਪਿਆ ਸੀ। ਉਕਤ ਗੁਰਦੁਆਰੇ ਦੇ ਆਗੂਆਂ ਨੇ ਇਸ ਤੋਂ ਪਹਿਲਾਂ ਵੀ ਕਈ ਵਾਰ ਪੰਥਕ ਮਰਿਆਦਾ ਭੰਗ ਕੀਤੀ ਹੈ ਜਿਸ ਵਿਚ ਗੁਰਦੁਆਰਾ ਸਾਹਿਬ ਦੇ ਹਾਲ ਅੰਦਰ ਬੈਂਡ ਵਾਜ਼ਾਂ ਵੀ ਵਜਵਾਇਆ ਸੀ ਤੇ ਨਾਲ ਹੀ ਇਕ ਕੁਤੇ ਦੀ ਮੌਤ ਦਾ ਭੋਗ ਵੀ ਗੁਰੂਘਰ ਅੰਦਰ ਪੁਆ ਦਿੱਤਾ ਸੀ । ਉਨ੍ਹਾਂ ਨੇ ਦਸਿਆ ਕਿ ਇਸ ਮਾਮਲੇ ਸਬੰਧੀ ਉਨ੍ਹਾਂ ਵਲੋਂ ਕੀਤੀ ਗਈ ਸ਼ਿਕਾਇਤ ਉਪਰ ਕਾਰਵਾਈ ਕਰਦਿਆਂ ਸ਼੍ਰੀ ਅਕਾਲ ਤਖਤ ਦੇ ਆਦੇਸ਼ਾ ਨਾਲ ਗਠਿਤ ਕੀਤੀ ਜਾਂਦੀ ਪੰਜ ਮੈਂਬਰੀ ਘੋਖ ਕਮੇਟੀ ਦੀ ਇਕੱਤਰਤਾ ਦਿਨ ਸ਼ਨਿੱਚਰਵਾਰ, 3 ਫਰਵਰੀ ਨੂੰ ਦਫ਼ਤਰ ਸਕੱਤਰੇਤ ਸ਼੍ਰੀ ਅਕਾਲ ਤਖਤ ਸਾਹਿਬ ਵਿਖੇ ਬੁਲਾਈ ਗਈ ਹੈ, ਜਿਸ ਵਿੱਚ ਗੁਰਦੁਆਰਾ ਸਿੰਘ ਸਭਾ ਰਾਜੌਰੀ ਗਾਰਡਨ ਦੇ ਪ੍ਰਧਾਨ ਅਤੇ ਸਮੂਹ ਕਮੇਟੀ ਮੈਂਬਰਾਂ ਨੂੰ ਇਸ ਇਕੱਤਰਤਾ ਵਿੱਚ ਹਾਜ਼ਰਿ ਹੋਣ ਲਈ ਕਿਹਾ ਗਿਆ ਹੈ।

# ਹਰ ਇੱਕ ਨਾਲ ਅੱਛਾ ਰਸੂਖ਼ ਰੱਖਣ ਵਾਲੇ ਮਿਲਾਪੜੇ ਸੁਭਾਅ ਦੇ ਮਾਲਕ ਤੇ ਨਿਮਰਤਾ ਦੀ ਮੂਰਤ ਸਨ ਮਾਤਾ ਮਹਿੰਦਰ ਕੌਰ ਜੀ ਚੀਮਾ : ਵਰਿਆਮ ਹਠੂਰ

## ਮਾਤਾ ਮਹਿੰਦਰ ਕੌਰ ਜੀ ਚੀਮਾ ਦੀ ਘਾਟ ਹਮੇਸ਼ਾ ਰੱਸੀ ਵਿੱਚ ਗੰਢ ਦੀ ਤਰ੍ਹਾਂ ਰੜਕੇਗੀ



ਜਗਰਾਉਂ – (ਅਵਾਜਿ ਕੌਮ ਬਿਊਰੋ) ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਜੀ ਚਕਰ ਦੇ ਸਤਿਕਾਰਯੋਗ ਮਾਤਾ ਸਰਦਾਰਨੀ ਮਹਿੰਦਰ ਕੌਰ ਜੀ ਚੀਮਾ (84) ਪਤਨੀ ਸਵ: ਮੁਖਤਿਆਰ ਸਿੰਘ ਜੀ ਚੀਮਾ (ਫੌਜੀ ਡਾਕਟਰ) ਜੋ ਬੀਤੇ ਦਿਨੀਂ ਅਕਾਲ ਪੁਰਖ ਵੱਲੋਂ ਬਖ਼ਸ਼ੇ ਸੁਆਸਾਂ ਦੀ ਪੂੰਜੀ ਅਤੇ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਅਕਾਲ ਚਲਾਣਾ ਕਰ ਗਏ ਸਨ । ਮਾਤਾ ਮਹਿੰਦਰ ਕੌਰ ਜੀ ਚੀਮਾ ਪਿੰਡ ਚਕਰ ਦੀ ਘਾਟ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਅਤੇ ਉਨ੍ਹਾਂ ਨੂੰ ਪਿਆਰ ਅਤੇ ਸਤਿਕਾਰ ਕਰਨ ਵਾਲਿਆਂ ਨੂੰ ਹਮੇਸ਼ਾਂ ਰੱਸੀ ਵਿੱਚ ਗੰਢ ਦੀ ਤਰ੍ਹਾਂ ਰੜਕਦੀ ਰਹੇਗੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਲੇਖਕ ਅਤੇ ਸੀਨੀਅਰ ਪੱਤਰਕਾਰ ਵਰਿਆਮ ਹਠੂਰ ਨੇ ਖ਼ਾਸ ਗੱਲਬਾਤ ਕਰਦਿਆਂ ਕੀਤਾ ਉਨ੍ਹਾਂ ਕਿਹਾ ਕਿ ਮਾਤਾ ਮਹਿੰਦਰ ਕੌਰ ਜੀ ਚੀਮਾ ਬਹੁਤ ਹੀ ਨਿੱਘੇ, ਮਿਲਾਪੜੇ ਸੁਭਾਅ ਦੇ ਮਾਲਕ, ਅਤੇ ਹਰ ਇੱਕ ਨਾਲ ਅੱਛਾ ਰਸੂਖ਼ ਰੱਖਣ ਵਾਲੇ ਪਿਆਰ ਸਤਿਕਾਰ ਅਤੇ ਨਿਮਰਤਾ ਦੀ ਮੂਰਤ ਸਨ। ਉਨ੍ਹਾਂ ਦੇ ਸਾਥੋਂ ਸਦਾ ਲਈ ਵਿੱਛੜ ਜਾਣ ਨਾਲ ਪਰਿਵਾਰ, ਰਿਸ਼ਤੇਦਾਰਾਂ, ਅਤੇ ਸਕੇ ਸਬੰਧੀਆਂ ਨੂੰ ਕਦੇ ਵੀ ਨਾਂ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਕਿਉਂਕਿ ਮਾਤਾ ਜੀ ਨੇ ਹਮੇਸ਼ਾਂ ਸਰਬੱਤ ਦਾ ਭਲਾ ਮੰਗਿਆ, ਅਤੇ ਆਪਣੀ ਬੇਟੀ ਅਤੇ ਨੂੰਹ ਪੁੱਤਰ ਨੂੰ ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈ ਕੇ ਅੱਛਾ ਜੀਵਨ ਜਿਊਣ ਦੀ ਜਾਂਚ ਸਿਖਾਈ, ਅਤੇ ਕੈਨੇਡਾ ਦੀ ਧਰਤੀ ਤੇ ਵਸਦੇ ਆਪਣੇ ਪੋਤੇ ਪੋਤੀਆਂ ਨੂੰ ਵੀ ਰੱਜਵਾਂ ਪਿਆਰ ਦਿੱਤਾ, ਮਾਤਾ ਮਹਿੰਦਰ ਕੌਰ ਜੀ ਚੀਮਾ ਦੇ ਅਕਾਲ ਚਲਾਣੇ ਤੇ ਜਿੱਥੇ ਇਤਿਹਾਸਕ ਪਿੰਡ ਚਕਰ ਦੇ ਲੋਕਾਂ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਉੱਥੇ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਭਤੀਜੇ ਅਤੇ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਰੋਡੇ ਸਮੇਤ ਇੰਟਰਨੈਸ਼ਨਲ ਪੰਥਕ ਦਲ ਦੇ ਸਮੂਹ ਅਹੁਦੇਦਾਰਾਂ, ਅਤੇ ਹੋਰ ਧਾਰਮਿਕ ਸਮਾਜਿਕ ਅਤੇ ਰਾਜਨੀਤਕ ਸ਼ਖ਼ਸੀਅਤਾਂ ਸਮੇਤ ਦੂਰੋਂ ਨੇੜਿਉਂ ਸਾਕ ਸਬੰਧੀਆਂ ਰਿਸ਼ਤੇਦਾਰਾਂ ਨੇ ਪਰਿਵਾਰ ਨਾਲ ਦੁੱਖ ਦੀ ਘੜੀ ਵਿੱਚ ਦੁੱਖ ਸਾਂਝਾ ਕੀਤਾ, ਬੇਸ਼ੱਕ ਮਾਤਾ ਮਹਿੰਦਰ ਕੌਰ ਜੀ ਚੀਮਾ ਸਾਡੇ ਵਿੱਚ ਸਰੀਰਕ ਤੌਰ ਤੇ ਨਹੀਂ ਰਹੇ ਪਰ ਉਹ ਹਮੇਸ਼ਾ ਆਪਣੇ ਅੱਛੇ ਰਸੂਖ਼, ਅਤੇ ਮਿਲਾਪੜੇ ਸੁਭਾਅ, ਕਾਰਨ ਯਾਦਾਂ ਵਿੱਚ ਜੀਵਤ ਰਹਿਣਗੇ, ਵਾਹਿਗੁਰੂ ਅੱਗੇ ਅਰਦਾਸ ਕਰਦੇ ਹਾਂ ਕਿ ਵਾਹਿਗੁਰੂ ਮਾਤਾ ਜੀ ਦੀ ਹਮੇਸ਼ਾ ਲਈ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਸਥਾਨ ਬਖ਼ਸ਼ੇ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ, ਜ਼ਿਕਰਯੋਗ ਹੈ ਕਿ ਮਾਤਾ ਮਹਿੰਦਰ ਕੌਰ ਜੀ ਚੀਮਾ ਦੇ ਨਮਿੱਤ ਰੱਖੇ ਸਹਿਜ ਪਾਠ ਦੇ ਭੋਗ ਅਤੇ ਅੰਤਿਮ ਅਰਦਾਸ ਮਿਤੀ 4 ਫਰਵਰੀ ਦਿਨ ਐਤਵਾਰ ਨੂੰ ਜ਼ਿਲ੍ਹਾ ਲੁਧਿਆਣਾ ਦੇ ਇਤਿਹਾਸਕ ਪਿੰਡ ਚਕਰ ਵਿਖੇ ਸਸ਼ੋਭਿਤ ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਛੇਵੀਂ ਅਤੇ ਦਸਵੀਂ ਵਿਖੇ ਦੁਪਹਿਰ 1-30 ਵਜੇ ਹੋਵੇਗੀ।

# ਸ਼੍ਰੋਮਣੀ ਕਮੇਟੀ ਬਾਦਲਕਿਆਂ ਨੂੰ ਖਾਲਸਾ ਪੰਥ ਮਾ.ਫ ਨਹੀਂ ਕਰੇਗਾ : ਜਥੇਦਾਰ ਬਲਵੰਤ ਸਿੰਘ ਗੋਪਾਲਾ



**ਅੰਮ੍ਰਿਤਸਰ, 1 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਜਥੇਦਾਰ ਭਾਈ ਬਲਵੰਤ ਸਿੰਘ ਗੋਪਾਲਾ ਨੇ ਇੱਕ ਬਿਆਨ ਰਾਹੀਂ ਆਖਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਮੇਂ ਤੋਂ ਪਹਿਲਾਂ ਸੱਦਿਆ ਗਿਆ ਇਜਲਾਸ ਕੀ ਸਾਬਤ ਕਰਦਾ ਹੈ ? ਉਹਨਾਂ ਅੱਗੇ ਕਿਹਾ ਕਿ ਜੇ ਸੁਰਜੀਤ ਸਿੰਘ ਬਰਨਾਲੇ ਨੇ ਦਰਬਾਰ ਸਾਹਿਬ ਵਿੱਚ ਪੁਲਿਸ ਵਾੜ ਕੇ ਬੇਅਦਬੀ ਕੀਤੀ ਤਾਂ ਉਸਨੂੰ ਦੋਸ਼ੀ ਐਲਾਨ ਕੇ ਤਨਖਾਹੀਆ ਕਰਾਰ ਦਿੱਤਾ ਗਿਆ। ਜੇ ਸੁਲਤਾਨਪੁਰ ਲੋਧੀ ਵਿਖੇ ਦੋ ਨਿਹੰਗ ਸਿੰਘ ਗਰੁੱਪਾਂ ਦੀ ਆਪਸ ਵਿੱਚ ਹੋਈ ਲੜਾਈ ਦਰਮਿਆਨ ਪੁਲਿਸ ਦਖਲ ਅੰਦਾਜ਼ੀ ਕਰਦੀ ਹੈ ਤਾਂ ਉਸ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਸਾਰਾ ਅਕਾਲੀ ਦਲ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਚੀਕ ਚੀਕ ਕੇ ਬੇਅਦਬੀਆਂ ਦਾ ਦੋਸ਼ੀ ਸਾਬਤ ਕਰ ਰਹੀ ਹੈ ਤੇ ਇਜਲਾਸ ਬੁਲਾ ਕੇ ਉਸਨੂੰ ਦੋਸ਼ੀ ਐਲਾਨਿਆ ਜਾ ਰਿਹਾ ਹੈ ਤੇ ਜੋ ਵੀ ਬੇਅਦਬੀ ਕਰਦਾ ਹੈ ਉਸਨੂੰ ਸਜ਼ਾ ਮਿਲਣੀ ਚਾਹੀਦੀ ਹੈ। ਪਰ ਭਾਈ ਬਲਵੰਤ ਸਿੰਘ ਗੋਪਾਲਾ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੂੰ ਨਿਸ਼ਾਨੇ ਤੇ ਲੈਂਦਿਆਂ ਕਿਹਾ ਕਿ ਜੇ ਬਹਿਬਲ ਕਲਾਂ ਗੋਲੀ ਕਾਂਡ ਵਿੱਚ ਸ਼੍ਰੋਮਣੀ ਅਕਾਲੀ ਦਲ ਸਰਕਾਰ ਦੇ ਗ੍ਰਹਿ ਮੰਤਰੀ ਸੁਖਬੀਰ ਸਿੰਘ ਬਾਦਲ ਦੇ ਆਰਡਰ ਨਾਲ ਗੋਲੀ ਲੱਗ ਕੇ ਦੋ ਸਿੰਘ ਸ਼ਹੀਦ ਹੋਏ ਤੇ ਅਨੇਕਾਂ ਸੰਗਤਾਂ ਫੱਟੜ ਹੋਈਆਂ, ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਹੋਈਆਂ ਬੇਅਦਬੀਆਂ ਦਾ ਇਨਸਾਫ ਮੰਗ ਰਹੀਆਂ ਸੀ ਸਾਰਾ ਪੰਥ ਅਤੇ ਪੰਥਕ ਜਥੇਬੰਦੀਆਂ ਨੇ ਇਕੱਠੇ ਹੋ ਕੇ ਧਰਨੇ ਲਾਏ ਤੇ ਮੁਜਾਹਰੇ ਕੀਤੇ ਪਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸ੍ਰੀ ਅਕਾਲ ਤਖਤ ਸਾਹਿਬ ਨੇ ਪੰਥ ਦੀ ਇੱਕ ਨਾ ਸੁਣੀ ਤੇ ਅੱਜ ਤੱਕ ਉਹਨਾਂ ਨੂੰ ਬੁੱਕਲ ਵਿੱਚ ਲਕੋਈ ਰੱਖਿਆ ਅੱਜ ਤੱਕ ਨਾ ਕੋਈ ਦੋਸ਼ੀ ਐਲਾਨਿਆ ਗਿਆ, ਨਾ ਕੋਈ ਸਜ਼ਾ ਸੁਣਾਈ ਗਈ ਨਾ ਮਤਾ ਪਾਇਆ ਗਿਆ, ਉਲਟਾ ਫਖਰੇ ਕੌਮ ਤੇ ਪੰਥ ਰਤਨ ਵਰਗੇ ਅਵਾਰਡਾਂ ਨਾਲ ਸਨਮਾਨਿਆ ਗਿਆ। ਭਾਈ ਬਲਵੰਤ ਸਿੰਘ ਗੋਪਾਲਾ ਨੇ ਕਿਹਾ ਕਿ ਸਰਕਾਰ ਸਰਦਾਰ ਧਾਮੀ ਸਾਹਿਬ ਪੰਥ ਤੁਹਾਨੂੰ ਮਾਫ ਨਹੀਂ ਕਰੇਗਾ।

# ਯਾਦਵਿੰਦਰਾ ਇੰਜੀਨੀਅਰਿੰਗ ਵਿਭਾਗ ਤਲਵੰਡੀ ਸਾਬੋ ਵਿਖੇ ਹੁਨਰ ਵਿਕਾਸ, ਸਟਾਰਟਅੱਪ ਅਤੇ ਉੱਦਮਤਾ ਦੀ ਭੂਮਿਕਾ 'ਤੇ ਇੱਕ ਰੋਜ਼ਾ ਵਰਕਸ਼ਾਪ ਦਾ ਆਯੋਜਨ



ਤਲਵੰਡੀ ਸਾਬੋ, 01 ਫਰਵਰੀ (ਗੁਰਜੰਟ ਸਿੰਘ ਨਥੇਹਾ)- ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਦੇ ਯਾਦਵਿੰਦਰਾ ਇੰਜੀਨੀਅਰਿੰਗ ਵਿਭਾਗ ਦੇ ਹੁਨਰ ਵਿਕਾਸ ਕਲੱਬ ਵੱਲੋਂ ਵਿਭਾਗ ਦੇ ਪ੍ਰੀ-ਫਾਇਨਲ ਵਿਦਿਆਰਥੀਆਂ ਲਈ ਹੁਨਰ ਵਿਕਾਸ, ਜਾਣਕਾਰੀ ਅਤੇ ਭੂਮਿਕਾ ਬਾਰੇ ਸਮਝ ਪੈਦਾ ਕਰਨ ਲਈ ਇੱਕ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ । ਈ.ਆਰ. ਐਚ.ਐਸ. ਚੀਮਾ ਚੇਅਰਮੈਨ ਚੀਮਾ ਇੰਡਸਟਰੀਜ਼ ਮੁਹਾਲੀ ਅਤੇ ਸ੍ਰੀਮਤੀ ਮਨਦੀਪ ਕੌਰ ਟਾਂਗਰਾ ਸੈਸ਼ਨ ਦੇ ਮਾਹਿਰ ਬੁਲਾਰੇ ਸਨ। ਵਰਕਸ਼ਾਪ ਦੇ ਚੇਅਰ-ਪਰਸਨ ਪ੍ਰੋ. ਸਿੰਪਲ ਜਿੰਦਲ ਨੇ ਕਿਹਾ ਕਿ ਦੇਸ਼ ਦੇ ਨੌਜਵਾਨਾਂ ਲਈ ਉੱਦਮਤਾ ਦੀ ਭੂਮਿਕਾ ਮੁੱਖ ਤੌਰ 'ਤੇ ਮਹੱਤਵਪੂਰਨ ਹੈ। ਪ੍ਰੋ: ਕਮਲਜੀਤ ਸਿੰਘ ਡਾਇਰੈਕਟਰ ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਨੇ ਵਿਦਿਆਰਥੀਆਂ ਨੂੰ ਬਿਹਤਰ ਜੀਵਨ-ਜਾਚ ਲਈ ਹੁਨਰ ਵਿਕਾਸ ਦੇ ਸਾਧਨ ਪੈਦਾ ਕਰਨ ਲਈ ਪ੍ਰੇਰਿਤ ਕੀਤਾ । ਵਰਕਸ਼ਾਪ ਦੇ ਕੋਆਰਡੀਨੇਟਰ ਡਾ. ਗਗਨਦੀਪ ਕੌਸ਼ਲ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਲਗਭਗ 110 ਵਿਦਿਆਰਥੀਆਂ/ਫੈਕਲਟੀ ਨੇ ਭਾਗ ਲਿਆ ਅਤੇ ਅਜਿਹੇ ਪ੍ਰੋਗਰਾਮਾਂ ਤੋਂ ਸਿੱਖ ਕੇ ਸਰਕਾਰਾਂ ਦੀਆਂ ਪਹਿਲਕਦਮੀਆਂ ਅਨੁਸਾਰ ਭਾਰਤੀ ਸਟਾਰਟ-ਅੱਪਸ ਦੀ ਤਰੱਕੀ ਕੀਤੀ ਜਾ ਸਕਦੀ ਹੈ।

# ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ।।



## ਮਾਤਾ ਮਹਿੰਦਰ ਕੌਰ ਚੀਮਾ

ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਮਾਤਾ ਮਹਿੰਦਰ ਕੌਰ ਚੀਮਾ ਧਰਮ ਸੁਪਤਨੀ ਸਵ.ਸ੍ਰ: ਮੁਖਤਿਆਰ ਸਿੰਘ ਚੀਮਾ (ਫੌਜੀ ਡਾਕਟਰ) ਜੋ ਕੇ **25** ਜਨਵਰੀ ਦਿਨ ਵੀਰਵਾਰ ਨੂੰ ਅਚਾਨਕ ਅਕਾਲ ਚਲਾਣਾ ਕਰ ਗਏ ਸਨ । ਜਿਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ

## ਸ੍ਰੀ ਸਹਿਜ ਪਾਠ ਦੇ ਭੋਗ ਅੰਤਿਮ ਅਰਦਾਸ

ਮਿਤੀ **04** ਫ਼ਰਵਰੀ **2024** ਦਿਨ ਐਤਵਾਰ ਨੂੰ ਕੀਰਤਨ **12** ਤੋਂ **1** ਵਜੇ ਤੱਕ ਸਥਾਨ ਗੁ: ਗੁਰੂਸਰ ਸਾਹਿਬ ਪਿੰਡ ਚਕਰ,ਤਹਿ, ਜਗਰਾਓ (ਲੁਧਿ,) ਵਿਖੇ ਪਵੇਗਾ।

ਵੱਲੋਂ

ਆਵਾਜ਼ਿ ਕੌਮ AWAZE QAUM International Newspaper & WEB TV

## ਇੰਟਰਨੈਸ਼ਨਲ ਪੰਥਕ ਦਲ